


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ : ਅਮਨਦੀਪ ਮਹਿਰਾ

ਮੰਗਲਵਾਰ, 14 ਜਨਵਰੀ 2025

Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 212, ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111

ਪੱਤਰਕਾਰਾਂ ਲਈ ਸੁਨਿਹਰਾ ਮੌਕਾ

ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਂਕ ਜਲੰਧਰ 9915594111

## ਅਮਰੀਕਾ ਦੇ ਜੰਗਲਾਂ ਵਿੱਚ ਲੱਗੀ ਭਿਆਨਕ ਅੱਗ 16 ਲੋਕਾਂ ਦੀ ਹੋਈ ਮੌਤ

ਅਮਰੀਕਾ ਲੋਕ ਬਾਣੀ- ਅਮਰੀਕਾ ਦੇ ਲਾਸ ਏਂਜਲਸ ਕਾਉਂਟੀ ਕੋਰੋਨਰ ਦੇ ਦਫ਼ਤਰ ਨੇ ਜੰਗਲਾਂ 'ਚ ਲੱਗੀ ਭਿਆਨਗ ਅੱਗ ਕਾਰਨ ਮਰਨ ਵਾਲੇ ਲੋਕਾਂ ਦੀ ਗਿਣਤੀ ਵੱਧ ਕੇ 16 ਹੋਣ ਦੀ ਪੁਸ਼ਟੀ ਕੀਤੀ ਹੈ ਹਾਲਾਂਕਿ ਰਾਹਤ ਤੇ ਬਚਾਅ ਕਰਮੀ ਅੱਗ 'ਤੇ ਕਾਬੂ ਪਾਉਣ ਦੀਆਂ ਕੋਸ਼ਿਸ਼ਾਂ 'ਚ ਲੱਗੇ ਹੋਏ ਹਨ।' ਦਫ਼ਤਰ ਵੱਲੋਂ ਜਾਰੀ ਬਿਆਨ 'ਚ ਕਿਹਾ ਗਿਆ ਹੈ ਕਿ ਕੁੱਲ 16 ਲੋਕਾਂ ਦੀ ਮੌਤ ਹੋ ਚੁੱਕੀ ਹੈ ਜਿਨ੍ਹਾਂ 'ਚੋਂ ਪੰਜ ਦੀ ਮੌਤ ਪੈਲਿਸੇਡਜ਼ ਜਦਕਿ 11 ਦੀ ਮੌਤ ਈਟੌਨ ਇਲਾਕੇ 'ਚ ਹੋਈ ਹੈ। ਇਸ ਤੋਂ ਪਹਿਲਾਂ 11 ਜਣਿਆਂ ਦੀ ਮੌਤ ਦੀ ਪੁਸ਼ਟੀ



ਕੀਤੀ ਗਈ ਸੀ ਪਰ ਅਧਿਕਾਰੀਆਂ ਨੇ ਕਿਹਾ ਸੀ ਕਿ ਮ੍ਰਿਤਕਾਂ ਦੀ ਗਿਣਤੀ ਵੱਧ ਸਕਦੀ ਹੈ। ਅਧਿਕਾਰੀਆਂ ਨੇ ਇੱਕ ਕੇਂਦਰ ਸਥਾਪਤ ਕੀਤਾ ਹੈ ਜਿੱਥੇ ਲੋਕ ਗੁੰਮਸ਼ੁਦਗੀ ਦੀ ਰਿਪੋਰਟ ਦਰਜ ਕਰਵਾ ਸਕਦੇ ਹਨ।

## ਰਾਹੁਲ ਗਾਂਧੀ ਨੇ ਕੇਜਰੀਵਾਲ ਤੇ ਲਾਏ ਗੰਭੀਰ ਇਲਜ਼ਾਮ

ਦਿੱਲੀ, ਲੋਕ ਬਾਣੀ- ਸੀਲਮਪੁਰ ਵਿਚ ਇਕ ਜਨਤਕ ਰੈਲੀ ਨੂੰ ਸੰਬੋਧਨ ਕਰਦੇ ਹੋਏ, ਕਾਂਗਰਸ ਨੇਤਾ ਅਤੇ ਲੋਕ ਸਭਾ ਦੇ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦਾ ਕਹਿਣਾ ਹੈ ਕਿ ਕੀ ਤੁਹਾਨੂੰ ਉਹ ਦਿੱਲੀ ਯਾਦ ਹੈ ਜਦੋਂ ਸ਼ੀਲਾ ਦੀਕਸ਼ਿਤ ਰਾਸ਼ਟਰੀ ਰਾਜਧਾਨੀ ਦੀ ਮੁੱਖ ਮੰਤਰੀ ਸੀ ? ਅਰਵਿੰਦ ਕੇਜਰੀਵਾਲ ਨੇ ਕਿਹਾ ਸੀ ਕਿ ਉਹ ਦਿੱਲੀ ਨੂੰ ਸਾਫ਼ ਕਰਨਗੇ, ਇਸ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਉਣਗੇ। ਕੀ ਅਰਵਿੰਦ ਕੇਜਰੀਵਾਲ ਨੇ ਦਿੱਲੀ ਨੂੰ ਭ੍ਰਿਸ਼ਟਾਚਾਰ ਮੁਕਤ ਬਣਾਇਆ? ਦਿੱਲੀ



ਦੇ ਪ੍ਰਦੂਸ਼ਣ ਨੂੰ ਘੱਟ ਕੀਤਾ ? ਅਰਵਿੰਦ ਕੇਜਰੀਵਾਲ ਉਸੇ ਤਰ੍ਹਾਂ ਪ੍ਰਚਾਰ ਕਰਦੇ ਹਨ ਜਿਵੇਂ ਪ੍ਰਧਾਨ ਮੰਤਰੀ ਮੋਦੀ ਕਰਦੇ ਹਨ ਅਤੇ ਲੋਕਾਂ ਨਾਲ ਝੂਠੇ ਵਾਅਦੇ ਕਰਦੇ ਹਨ।

## ਬੀ.ਆਰ.ਐਸ ਵਿਧਾਇਕ ਨੂੰ ਤੇਲੰਗਾਨਾ ਪੁਲਿਸ ਨੇ ਕੀਤਾ ਗ੍ਰਿਫ਼ਤਾਰ

ਹੈਦਰਾਬਾਦ ਲੋਕ ਬਾਣੀ- ਭਾਰਤ ਰਾਸ਼ਟਰ ਸਮਿਤੀ ਦੇ ਹਜ਼ੂਰਾਬਾਦ ਤੋਂ ਵਿਧਾਇਕ ਪੀ. ਕੌਸ਼ਿਕ ਰੈਡੀ ਨੂੰ ਕਰੀਮਨਗਰ ਪੁਲਿਸ ਨੇ ਹੈਦਰਾਬਾਦ ਦੇ ਜੁਬਲੀ ਹਿਲਜ਼ ਤੋਂ ਗ੍ਰਿਫ਼ਤਾਰ ਕੀਤਾ। ਵਿਧਾਇਕ ਨੂੰ ਦੱਸਿਆ ਗਿਆ ਕਿ ਉਸ ਨੂੰ ਕਰੀਮਨਗਰ ਵਿਚ ਇਕ ਮਾਮਲੇ ਦੇ ਸੰਬੰਧ ਵਿਚ ਹਿਰਾਸਤ ਵਿਚ ਲਿਆ ਜਾ ਰਿਹਾ ਹੈ। ਉਨ੍ਹਾਂ ਨੂੰ ਜ਼ਬਰਦਸਤੀ ਪੁਲਿਸ ਗੱਡੀ ਵਿਚ ਬਿਠਾਇਆ ਗਿਆ



ਅਤੇ ਲੈ ਜਾਇਆ ਗਿਆ। ਕੌਸ਼ਿਕ ਰੈਡੀ ਦੀ ਗ੍ਰਿਫ਼ਤਾਰੀ ਕਾਂਗਰਸ ਦੇ ਜਗਦਗਤਿਆਲ ਵਿਧਾਇਕ ਡਾ: ਸੰਜੇ ਕੁਮਾਰ ਵਿਚਕਾਰ ਹੋਈ ਤਿੱਖੀ ਬਹਿਸ ਤੋਂ ਇਕ ਦਿਨ ਬਾਅਦ ਹੋਈ।

## ਪੰਜਾਬ ਵਿੱਚ ਆਪ ਸਰਕਾਰ ਆਉਣ ਤੋ ਬਾਅਦ ਕਾਨੂੰਨ ਵਿਵਸਥਾ ਦਾ ਬੁਰਾ ਹਾਲ ਫਿਰ ਚੱਲਿਆ ਗੋਲੀਆਂ

ਲੁਧਿਆਣਾ, ਸੁਖਚੈਨ ਮਹਿਰਾ-- ਥਾਣਾ ਡਿਵੀਜ਼ਨ ਨੰਬਰ ਦੋ ਦੇ ਘੇਰੇ ਅੰਦਰ ਪੈਂਦੇ ਇਲਾਕੇ ਕਿਦਵਾਈ ਨਗਰ ਵਿਚ ਅੱਜ ਹਥਿਆਰਬੰਦ ਹਮਲਾਵਰਾਂ ਵਲੋਂ ਚਲਾਈਆਂ ਗੋਲੀਆਂ ਵਿਚ ਕੌਂਸਲਰ ਪਤੀ ਵਾਲ-ਵਾਲ ਬਚ ਗਿਆ , ਪਰ ਗੋਲੀ ਲੱਗਣ ਕਾਰਨ ਕਾਰ ਦਾ ਸ਼ੀਸ਼ਾ ਟੁੱਟ ਗਿਆ । ਜਾਣਕਾਰੀ ਦਿੰਦਿਆਂ ਆਮ ਆਦਮੀ ਪਾਰਟੀ ਦੇ ਵਾਰਡ ਇੰਚਾਰਜ ਅਤੇ ਵਾਰਡ ਨੰਬਰ 75 ਤੋਂ ਕੌਂਸਲਰ ਸਿਮਰਨ ਕੌਰ ਦੇ ਪਤੀ ਗੁਰਪ੍ਰੀਤ ਸਿੰਘ ਰਾਜੂ ਬਾਬਾ ਨੇ



ਦੱਸਿਆ ਕਿ ਅੱਜ ਸ਼ਾਮ ਉਹ ਆਪਣੇ ਘਰ ਤੋਂ ਬਾਹਰ ਨਿਕਲ ਰਹੇ ਸਨ ਕਿ ਇਸ ਦੌਰਾਨ ਕੁਝ ਨੌਜਵਾਨਾਂ ਵਲੋਂ ਉੱਥੇ ਗੋਲੀਆਂ ਚਲਾਣੀਆਂ ਸ਼ੁਰੂ ਕਰ ਦਿੱਤੀਆਂ ।

## ਜਲੰਧਰ ਜ਼ਿਲ੍ਹੇ ਵਿਚ ਮਿਲੀ ਗ੍ਰਨੇਡ ਵਰਗੀ ਚੀਜ਼

ਜਲੰਧਰ, ਵਰਿੰਦਰ ਸਿੰਘ- ਜਲੰਧਰ ਦੇ ਆਦਮਪੁਰ ਵਿਚ ਉਸ ਸਮੇਂ ਹਾਹਾਕਾਰ ਹੋ ਗਈ ਜਦੋਂ ਜਦੋਂ ਧਧਿਆਣਾ ਪਿੰਡ ਨੇੜੇ ਸਕੂਲ ਦੇ ਮੈਦਾਨ ਵਿਚ ਇਕ ਗ੍ਰਨੇਡ ਵਰਗੀ ਚੀਜ਼ ਮਿਲੀ। ਸੂਚਨਾ ਮਿਲਦੇ ਹੀ ਆਦਮਪੁਰ ਥਾਣੇ ਦੀ ਪੁਲਿਸ ਅਤੇ ਬੰਬ ਸਕੁਐਡ ਟੀਮ ਮੌਕੇ ਤੇ ਪਹੁੰਚ ਗਈ। ਇਲਾਕੇ ਨੂੰ ਸੀਲ ਕਰ ਦਿੱਤਾ ਗਿਆ ਹੈ ਅਤੇ ਤਲਾਸ਼ੀ ਮੁਹਿੰਮ ਜਾਰੀ ਹੈ। ਐਸਐਸਪੀ ਨੇ ਕਿਹਾ ਕਿ ਜਾਂਚ ਜਾਰੀ ਹੈ। ਬੰਬ ਸਕੁਐਡ



ਦੀ ਫੋਰੈਂਸਿਕ ਰਿਪੋਰਟ ਤੋਂ ਬਾਅਦ ਇਹ ਸਪੱਸ਼ਟ ਹੋ ਜਾਵੇਗਾ ਕਿ ਇਹ ਗ੍ਰਨੇਡ ਹੈ ਜਾਂ ਕੁਝ ਹੋਰ।

## ਜਗਮੀਤ ਸਿੰਘ ਨੇ ਦਿੱਤਾ ਟਰੰਪ ਨੂੰ ਸੁਨੇਹਾ ਕੈਨੇਡਾ ਵਿਕਾਊ ਨਹੀਂ ਹੈ

ਚੰਡੀਗੜ੍ਹ, -: ਨਿਊ ਡੈਮੋਕ੍ਰੈਟਿਕ ਪਾਰਟੀ (ਐਨਡੀਪੀ) ਆਗੂ ਜਗਮੀਤ ਸਿੰਘ ਨੇ ਅਮਰੀਕਾ ਦੇ ਮਨੋਨੀਤ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਟੈਕਸ ਵਧਾਉਣ ਦੀਆਂ ਧਮਕੀਆਂ ਤੇ ਕੈਨੇਡਾ ਨੂੰ ਅਮਰੀਕਾ ਦਾ 51ਵਾਂ ਰਾਜ ਬਣਾਉਣ ਦੀ ਪੇਸ਼ਕਸ਼ ਨੂੰ ਲੈ ਕੇ ਤਿੱਖਾ ਪ੍ਰਤੀਕਰਮ ਦਿੱਤਾ ਹੈ। ਸਿੰਘ ਨੇ ਕਿਹਾ ਕਿ ਕੈਨੇਡਾ 'ਵਿਕਾਊ ਨਹੀਂ ਹੈ' ਤੇ ਦੇਸ਼ ਦੀ ਪ੍ਰਭੂਸੱਤਾ



ਦੀ ਰਾਖੀ ਲਈ ਕੈਨੇਡਾ ਦੇ ਲੋਕ ਪੂਰੀ ਤਾਕਤ ਨਾਲ ਲੜਨ ਵਾਸਤੇ ਤਿਆਰ ਹਨ।

## ਹਾਈ ਕੋਰਟ ਦਾ ਆਇਆ ਫ਼ੈਸਲਾ ਸੱਤ ਵਾਰਡਾਂ ਦੇ ਕੌਂਸਲਰਾਂ ਦੀ ਚੋਣ ਕੀਤੀ ਬਹਾਲ

ਚੰਡੀਗੜ੍ਹ, ਵਿਨੋਦ ਸ਼ਰਮਾ-ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਪਟਿਆਲਾ ਨਗਰ ਨਿਗਮ ਦੇ ਸੱਤ ਵਾਰਡਾਂ ਦੀ ਚੋਣ ਬਹਾਲ ਕਰ ਦਿੱਤੀ ਹੈ। ਦਸੰਬਰ ਵਿਚ ਨਿਗਮ ਚੋਣਾਂ ਲਈ ਵੋਟਾਂ ਤੋਂ ਇੱਕ ਦਿਨ ਪਹਿਲਾਂ ਹਾਈ ਕੋਰਟ ਨੇ ਬਿਨਾਂ ਮੁਕਾਬਲਾ ਜੇਤੂ ਕਰਾਰ ਦਿੱਤੇ ਗਏ ਸੱਤ ਵਾਰਡਾਂ ਦੇ ਉਮੀਦਵਾਰਾਂ ਦੀ ਚੋਣ ਰੱਦ ਕਰ ਦਿੱਤੀ ਸੀ, ਪਰ ਅੱਜ ਆਏ ਨਵੇਂ ਫੈਸਲੇ ਦੌਰਾਨ ਅਦਾਲਤ ਨੇ ਇਹ ਚੋਣ ਬਹਾਲ ਕਰਦਿਆਂ




ਸੱਤ ਉਮੀਦਵਾਰਾਂ ਨੂੰ ਜੇਤੂ ਮੰਨ ਲਿਆ ਹੈ। ਇਹ ਐੱਮਸੀ ਹੁਣ ਸਹੁੰ ਚੁੱਕ ਕੇ ਕੌਂਸਲਰ ਵਜੋਂ ਆਪਣੀਆਂ ਸਰਗਰਮੀ ਸ਼ੁਰੂ ਕਰ ਸਕਣਗੇ ।

## ਪੰਜਾਬ ਪੁਲਿਸ ਮੁਲਾਜ਼ਮਾ ਦੀਆਂ ਛੁੱਟੀਆਂ 27 ਤੱਕ ਰੱਦ ਕੀਤੀਆਂ ਗਈਆਂ

ਜਲੰਧਰ, ਬਿੱਟੂ ਫੋਲੜੀਵਾਲ-ਗਣਤੰਤਰ ਦਿਵਸ ਦੇ ਮੱਦੇਨਜ਼ਰ 27 ਜਨਵਰੀ ਤੱਕ ਸੂਬੇ ਦੇ ਸਾਰੇ ਪੁਲੀਸ ਮੁਲਾਜ਼ਮਾਂ ਦੀਆਂ ਛੁੱਟੀਆਂ ਰੱਦ ਕਰ ਦਿੱਤੀਆਂ ਗਈਆਂ ਹਨ। ਇਹ ਹੁਕਮ ਅੱਜ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਜਾਰੀ ਕੀਤੇ ਹਨ। ਡੀਜੀਪੀ ਵੱਲੋਂ ਜਾਰੀ ਹੁਕਮਾਂ ਅਨੁਸਾਰ 27 ਜਨਵਰੀ ਤੱਕ ਪੰਜਾਬ ਵਿੱਚ ਕਿਸੇ ਵੀ ਪੁਲੀਸ ਮੁਲਾਜ਼ਮ ਦੀ ਛੁੱਟੀ ਮਨਜ਼ੂਰ ਨਹੀਂ ਕੀਤੀ ਜਾਵੇਗੀ। ਇਸ ਗੱਲ ਦੀ ਪੁਸ਼ਟੀ ਪੰਜਾਬ ਪੁਲੀਸ ਦੇ ਆਈਜੀ



ਹੈੱਡਕੁਆਰਟਰ ਡਾ. ਸੁਖਚੈਨ ਸਿੰਘ ਗਿੱਲ ਨੇ ਕੀਤੀ ਹੈ।






# ਡੋਨਾਲਡ ਟਰੰਪ ਦੇ ਸਹੁੰ ਚੁੱਕ ਸਮਾਗਮ ਚ ਸ਼ਾਮਲ ਹੋਣਗੇ ਵਿਦੇਸ਼ ਮੰਤਰੀ ਜੈਸ਼ੰਕਰ, 20 ਜਨਵਰੀ ਨੂੰ ਵਾਸ਼ਿੰਗਟਨ ਚ ਹੋਵੇਗਾ ਪ੍ਰੋਗਰਾਮ

ਨਵੀ ਦਿੱਲੀ-(ਲੋਕ ਬਾਣੀ) ਭਰਤ ਦੇ ਵਿਦੇਸ਼ ਮੰਤਰੀ ਜੈਸ਼ੰਕਰ 20 ਜਨਵਰੀ ਨੂੰ ਅਮਰੀਕਾ ਦੌਰੇ ਤੇ ਜਾ ਰਹੇ ਹਨ। ਇਸ ਦੌਰਾਨ ਉਹ ਇੱਥੇ ਨਵੇਂ ਚੁਣੇ ਗਏ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਲ ਹੋਣਗੇ। ਸਹੁੰ ਚੁੱਕ ਸਮਾਗਮ ਦੀ ਆਯੋਜਨ ਕਮੇਟੀ ਨੇ ਇਸ ਦੇ ਲਈ ਭਾਰਤ ਨੂੰ ਸੱਦਾ ਭੇਜਿਆ ਹੈ। ਵਿਦੇਸ਼ ਮੰਤਰਾਲੇ ਨੇ ਇਹ ਜਾਣਕਾਰੀ ਐਕਸ ਤੇ ਪੋਸਟ ਸਾਂਝੀ ਕਰਕੇ ਦਿੱਤੀ ਹੈ। ਇਸ ਦੌਰਾਨ ਜੈਸ਼ੰਕਰ ਟਰੰਪ ਪ੍ਰਸ਼ਾਸਨ ਚ ਸ਼ਾਮਲ ਹੋਣ ਵਾਲੇ ਮੰਤਰੀਆਂ ਅਤੇ ਹੋਰ ਦੇਸ਼ਾਂ ਦੇ ਨੇਤਾਵਾਂ ਨਾਲ ਵੀ ਮੁਲਾਕਾਤ ਕਰਨਗੇ। ਡੋਨਾਲਡ ਟਰੰਪ ਅਮਰੀਕਾ ਦੇ 47ਵੇਂ ਰਾਸ਼ਟਰਪਤੀ ਵਜੋਂ ਸਹੁੰ ਚੁੱਕਣ ਵਾਲੇ ਹਨ

ਦੱਸ ਦੇਈਏ ਕਿ ਉਨ੍ਹਾਂ ਨੇ ਕਮਲਾ ਹੈਰਿਸ ਨੂੰ ਹਰਾ ਕੇ ਰਾਸ਼ਟਰਪਤੀ ਦੀ ਚੋਣ ਜਿੱਤੀ ਹੈ। ਚੋਣਾਂ



ਵਿੱਚ ਡੋਨਾਲਡ ਟਰੰਪ ਨੂੰ 312 ਇਲੈਕਟੋਰਲ ਵੋਟਾਂ ਮਿਲੀਆਂ, ਜਦਕਿ ਕਮਲਾ ਹੈਰਿਸ ਨੂੰ ਸਿਰਫ਼ 226 ਵੋਟਾਂ ਮਿਲੀਆਂ। ਚੋਣ ਜਿੱਤਣ ਲਈ ਉਮੀਦਵਾਰ ਨੂੰ 270 ਇਲੈਕਟੋਰਲ ਵੋਟਾਂ ਦੀ ਲੋੜ ਹੁੰਦੀ ਹੈ।ਰਾਸ਼ਟਰਪਤੀ ਟਰੰਪ 20 ਜਨਵਰੀ ਸੋਮਵਾਰ ਨੂੰ ਦੁਪਹਿਰ 12 ਵਜੇ ਅਮਰੀਕਾ ਦੀ ਰਾਜਧਾਨੀ ਵਾਸ਼ਿੰਗਟਨ ਡੀਸੀ ਵਿੱਚ ਸਹੁੰ ਚੁੱਕਣਗੇ। ਇਸ ਦੌਰਾਨ ਅਮਰੀਕੀ ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਜੌਨ ਰੌਬਰਟਸ ਉਨ੍ਹਾਂ ਨੂੰ ਅਹੁਦੇ ਦੀ ਸਹੁੰ ਚੁਕਾਉਣਗੇ। 21ਵੀਂ ਸਦੀ ਚ ਇਹ ਪਹਿਲੀ ਵਾਰ ਹੋਵੇਗਾ ਕਿ ਕੋਈ ਅਮਰੀਕੀ ਰਾਸ਼ਟਰਪਤੀ ਛੁੱਟੀ ਵਾਲੇ ਦਿਨ ਅਹੁਦੇ ਦੀ ਸਹੁੰ ਚੁੱਕੇਗਾ। ਟਰੰਪ ਤੋਂ ਇਲਾਵਾ ਜੇਡੀ ਵਾਂਸ ਨੂੰ ਉਪ ਰਾਸ਼ਟਰਪਤੀ ਵਜੋਂ ਸਹੁੰ ਚੁਕਾਈ ਜਾਵੇਗੀ। ਆਮ ਤੌਰ ਤੇ ਰਾਸ਼ਟਰਪਤੀ ਦੇ ਸਾਹਮਣੇ ਉਪ ਰਾਸ਼ਟਰਪਤੀ ਨੂੰ ਸਹੁੰ ਚੁਕਾਈ ਜਾਂਦੀ ਹੈ।

# ਹੁਸ਼ਿਆਰਪੁਰ ਚ ਇੱਕ ਘਰ ਤੇ ਹਮਲਾਵਰਾ ਨੇ ਕੀਤੀ ਤਾਂਬੜ-ਤੋੜ ਫਾਇਰਿੰਗ, 8 ਰਾਊਂਡ ਕੀਤੇ ਫਾਇਰ



ਹੁਸ਼ਿਆਰਪੁਰ-(ਲੋਕ ਬਾਣੀ) ਹੁਸ਼ਿਆਰਪੁਰ ਚ ਬੀਤੀ ਰਾਤ ਕਰੀਬ ਸਾਢੇ 10 ਵਜੇ ਕੁਝ ਸ਼ਰਾਰਤੀ ਅਨਸਰਾਂ ਨੇ ਇਕ ਘਰ ਦੇ ਗੇਟ ਤੇ 2 ਵਾਰ ਕੁੱਲ 8 ਰਾਊਂਡ ਫਾਇਰ ਕੀਤੇ। ਪਹਿਲੀ ਵਾਰ 5 ਗੋਲੀਆਂ ਚਲਾਈਆਂ ਗਈਆਂ ਅਤੇ ਦੂਜੀ ਵਾਰ 3 ਗੋਲੀਆਂ ਚਲਾਈਆਂ ਗਈਆਂ। ਘਟਨਾ ਦੇ ਸਮੇਂ ਘਰ ਚ ਤਿੰਨ ਵਿਅਕਤੀ ਮੌਜੂਦ ਸਨ, ਜਦਕਿ ਘਰ ਦਾ ਮੁਖੀ ਕਿਸੇ ਕੰਮ ਲਈ ਕਿਸੇ ਰਿਸ਼ਤੇਦਾਰ ਨੂੰ ਮਿਲਣ ਗਿਆ ਹੋਇਆ ਸੀ। ਇਹ ਘਰ ਅਮਰੀਕ ਸਿੰਘ ਦਾ ਹੈ ਅਤੇ ਘਟਨਾ ਮੁਕੇਰੀਆਂ ਸਥਿਤ ਆਰੀਆ ਸਮਾਜੀ ਇਲਾਕੇ ਦੀ ਹੈ। ਐਸਪੀ ਹੁਸ਼ਿਆਰਪੁਰ ਸਰਬਜੀਤ ਸਿੰਘ ਬਾਹੀਆ ਅਨੁਸਾਰ ਪਰਿਵਾਰ ਨੇ ਦੱਸਿਆ ਕਿ ਉਨ੍ਹਾਂ ਦੇ ਲੜਕੇ ਰਾਜੇਸ਼ ਕੁਮਾਰ ਜੋ ਕਿ ਇਸ ਸਮੇਂ ਗ੍ਰੀਸ ਵਿੱਚ ਰਹਿ ਰਿਹਾ ਹੈ, ਨੂੰ ਕੁਝ ਸਮਾਂ ਪਹਿਲਾਂ ਧਮਕੀ ਭਰਿਆ ਫ਼ੋਨ ਆਇਆ ਸੀ। ਅਮਰੀਕ ਸਿੰਘ ਦੇ ਪਰਿਵਾਰ ਵਿੱਚ ਦੋ ਪੁੱਤਰ ਹਨ- ਦਿਨੇਸ਼ ਕੁਮਾਰ ਜੋ ਇੱਥੇ ਰਹਿੰਦਾ ਹੈ ਅਤੇ ਰਾਜੇਸ਼ ਕੁਮਾਰ ਜੋ ਵਿਦੇਸ਼ ਵਿੱਚ ਰਹਿੰਦਾ ਹੈ।

ਇਹ ਸਾਰੀ ਘਟਨਾ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਪਰਿਵਾਰ ਦੀ ਸ਼ਿਕਾਇਤ 'ਤੇ ਪੁਲੀਸ ਨੇ ਹਮਲਾਵਾਰਾਂ ਖ਼ਿਲਾਫ਼ ਅਸਲਾ ਐਕਟ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਹੈ। ਪੁਲਿਸ ਵੱਲੋਂ ਮਾਮਲੇ ਦੀ ਵੱਖ-ਵੱਖ ਪਹਿਲੂਆਂ ਤੋਂ ਜਾਂਚ ਕੀਤੀ ਜਾ ਰਹੀ ਹੈ ਅਤੇ ਮੁਲਜ਼ਮਾਂ ਦੀ ਭਾਲ ਜਾਰੀ ਹੈ।

# ਸਪੈਸ਼ਲ ਆਪ੍ਰੇਸ਼ਨ ਗਰੁੱਪ ਵੱਲੋਂ 220 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਟਰੱਕ ਕਾਬੂ: ਹਰਪਾਲ ਸਿੰਘ ਚੀਮਾ

ਚੰਡੀਗੜ੍ਹ, (ਲੋਕ ਬਾਣੀ)- ਪੰਜਾਬ ਦੇ ਵਿੱਤ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇਥੇ ਦੱਸਿਆ ਕਿ ਮੁਹਾਲੀ ਆਬਕਾਰੀ ਟੀਮ ਅਤੇ ਮੁਹਾਲੀ ਪੁਲੀਸ ਦੀ ਸ਼ਮੂਲੀਅਤ ਵਾਲੇ ਵਿਸ਼ੇਸ਼ ਅਪ੍ਰੇਸ਼ਨ ਗਰੁੱਪ ਨੇ ਹੰਡੇਸਰਾ ਨੇੜੇ ਇੱਕ ਟਰੱਕ ਨੂੰ ਰੋਕ ਕੇ ਸਿਰਫ਼ ਚੰਡੀਗੜ੍ਹ ਵਿੱਚ ਵਿਕਰੀ ਲਈ ਵਜੋਂ ਮਾਰਕ ਕੀਤੀਆਂ 220 ਸ਼ਰਾਬ ਦੀਆਂ ਪੇਟੀਆਂ ਜ਼ਬਤ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਇਹ ਅਪਰੇਸ਼ਨ ਚੰਡੀਗੜ੍ਹ (ਯੂ.ਟੀ.) ਤੋਂ ਪੰਜਾਬ ਵਿੱਚ ਸ਼ਰਾਬ ਦੀ ਤਸਕਰੀ ਦੇ ਅਪਰਾਧ ਨਾਲ ਨਜਿੱਠਣ ਲਈ ਪਿਛਲੇ ਕੁਝ ਦਿਨਾਂ ਤੋਂ ਸੂਬੇ ਭਰ ਵਿੱਚ ਚਲਾਈ ਗਈ ਵਿਸ਼ੇਸ਼ ਮੁਹਿੰਮ ਦਾ ਹਿੱਸਾ ਹੈ।



ਆਬਕਾਰੀ ਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਸ ਕਾਰਵਾਈ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਇਹ ਕਾਰਵਾਈ ਹਾਲ ਹੀ ਦੇ ਸਮੇਂ ਵਿੱਚ ਚੰਡੀਗੜ੍ਹ ਤੋਂ ਪੰਜਾਬ ਵਿੱਚ ਸ਼ਰਾਬ ਦੀ ਤਸਕਰੀ ਵਿਰੁੱਧ ਕੀਤੀਆਂ ਗਈਆਂ 6 ਵੱਡੀਆਂ ਵਿੱਚੋਂ ਇੱਕ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ ਮਿਤੀ 11.01.2025 ਨੂੰ ਪੰਜਾਬ ਆਬਕਾਰੀ ਐਕਟ, 1914 ਦੀ ਧਾਰਾ 61(1)(14) ਅਤੇ 78(2) ਤਹਿਤ ਐਫਆਈਆਰ ਨੰਬਰ 01 ਥਾਣਾ ਹੰਡੇਸਰਾ ਵਿਖੇ ਦਰਜ ਕੀਤੀ ਗਈ ਹੈ। ਇਸ ਤੋਂ ਇਲਾਵਾ ਚੰਡੀਗੜ੍ਹ ਤੋਂ ਸ਼ਰਾਬ ਦੀ ਤਸਕਰੀ ਦੇ ਹੋਰ ਮਾਮਲਿਆਂ ਦੇ ਸਬੰਧ ਵਿੱਚ ਮੁਹਾਲੀ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਵਿੱਚ ਛੇ ਹੋਰ ਐਫ.ਆਈ.ਆਰ ਦਰਜ ਕੀਤੀਆਂ ਗਈਆਂ ਹਨ, ਜਿਸ ਦੇ ਨਤੀਜੇ ਵਜੋਂ ਵੱਖ-ਵੱਖ ਸ਼ਰਾਬ ਦੇ ਬਰਾਂਡਾਂ ਦੀਆਂ 42 ਪੇਟੀਆਂ ਜ਼ਬਤ ਕੀਤੀਆਂ ਗਈਆਂ ਹਨ।

ਕਰ ਅਤੇ ਆਬਕਾਰੀ ਮੰਤਰੀ ਨੇ ਅੱਗੇ ਦੱਸਿਆ ਕਿ ਚਾਲੂ ਵਿੱਤੀ ਸਾਲ ਵਿੱਚ 31.12.2024 ਤੱਕ ਚੰਡੀਗੜ੍ਹ ਸ਼ਰਾਬ ਦੀ ਤਸਕਰੀ ਨਾਲ ਸਬੰਧਤ 114 ਐਫ. ਆਈ.ਆਰਜ਼ ਦਰਜ ਕੀਤੀਆਂ ਗਈਆਂ ਹਨ, ਜਿਸ ਤਹਿਤ 30,096 ਸ਼ਰਾਬ ਦੀਆਂ ਬੋਤਲਾਂ ਬਰਾਮਦ ਹੋਈਆਂ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਆਬਕਾਰੀ ਵਿਭਾਗ ਅਤੇ ਪੰਜਾਬ ਪੁਲਿਸ ਦੋਵੇਂ ਹੀ ਸ਼ਰਾਬ ਦੀ ਤਸਕਰੀ ਪ੍ਰਤੀ ਜ਼ੀਰੋ ਟੋਲਰੈਂਸ ਦੀ ਨੀਤੀ ਅਪਣਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦੇ ਨਿਰੰਤਰ ਸਹਿਯੋਗ ਨਾਲ ਚੱਲ ਰਹੀ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਸ਼ਰਾਬ ਦੀ ਤਸਕਰੀ ਵਿੱਚ ਸ਼ਾਮਲ ਵਿਅਕਤੀ, ਭਾਂਵੇ ਉਹ ਕੋਈ ਵੀ ਹੋਵੇ, ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਵਿੱਤ ਮੰਤਰੀ ਹਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਆਬਕਾਰੀ ਐਕਟ, 1914 ਤਹਿਤ ਸ਼ਰਾਬ ਦੀ ਤਸਕਰੀ ਗੈਰ-ਕਾਨੂੰਨੀ, ਸਜ਼ਾਯੋਗ ਅਪਰਾਧ ਹੈ ਅਤੇ ਰਾਜ ਦੇ ਮਾਲੀਏ ਲਈ ਨੁਕਸਾਨਦੇਹ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਅਜਿਹੀਆਂ ਗਤੀਵਿਧੀਆਂ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਉਲੰਘਣਾ ਕਰਨ ਵਾਲਿਆਂ ਨੂੰ ਕਾਨੂੰਨ ਅਨੁਸਾਰ ਸਖ਼ਤ ਨਤੀਜੇ ਭੁਗਤਣੇ ਪੈਣਗੇ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਜਿਹੀ ਕਿਸੇ ਵੀ ਗਤੀਵਿਧੀ ਬਾਰੇ ਵਿਭਾਗ ਨੂੰ ਸੂਚਿਤ ਕਰਨ ਤਾਂ ਜੋ ਸੂਬੇ ਨੂੰ ਕੋਈ ਮਾਲੀ ਨੁਕਸਾਨ ਨਾ ਹੋਵੇ।

# ਅੰਮ੍ਰਿਤਸਰ ਚ ਸਰਪੰਚ ਨੂੰ ਗੋਲੀ ਮਾਰਨ ਵਾਲੇ ਦੋਸ਼ੀ ਨੂੰ ਪੁਲਿਸ ਨੇ 24 ਘੰਟਿਆਂ ਚ ਕੀਤਾ ਕਾਬੂ, ਬੰਦੂਕ ਬਰਾਮਦ

ਅੰਮ੍ਰਿਤਸਰ-(ਲੋਕ ਬਾਣੀ) ਅੰਮ੍ਰਿਤਸਰ ਪੁਲਸ ਨੇ ਸਰਪੰਚ ਤੇ ਜਾਨਲੇਵਾ ਹਮਲਾ ਕਰਨ ਵਾਲੇ ਦੋਸ਼ੀ ਨੂੰ 24 ਘੰਟਿਆਂ ਦੇ ਅੰਦਰ ਗ੍ਰਿਫਤਾਰ



ਕਰ ਲਿਆ ਹੈ। ਇਹ ਘਟਨਾ 8 ਜਨਵਰੀ ਨੂੰ ਵਾਪਰੀ ਸੀ, ਜਦੋਂ ਕਥਿਤ ਦੋਸ਼ੀ ਰਵਿੰਦਰ ਸਿੰਘ ਨੇ ਨਿੱਜੀ ਰੰਜਿਸ਼ ਦੇ ਚੱਲਦਿਆਂ ਸਰਪੰਚ ਸਵਿੰਦਰ ਸਿੰਘ ਦੀ ਗੱਡੀ ਤੇ ਗੋਲੀਆਂ ਚਲਾ ਦਿੱਤੀਆਂ ਸਨ।

ਬਾਰਡਰ ਰੇਂਜ ਦੇ ਡੀਆਈਜੀ ਸਤਿੰਦਰ ਸਿੰਘ ਦੀਆਂ ਹਦਾਇਤਾਂ 'ਤੇ ਕੱਥੂਨੰਗਲ ਥਾਣਾ ਇੰਚਾਰਜ ਖੁਸ਼ਬੂ ਸ਼ਰਮਾ ਨੇ ਅੰਮ੍ਰਿਤਸਰ ਦਿਹਾਤੀ ਦੇ ਐਸਐਸਪੀ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਵਿਸ਼ੇਸ਼ ਟੀਮ ਦਾ ਗਠਨ ਕੀਤਾ। ਤਕਨੀਕੀ ਸਹਾਇਤਾ ਅਤੇ ਮੁਖ਼ਬਰ ਦੀ ਸੂਚਨਾ ਦੇ ਆਧਾਰ ਤੇ ਟੀਮ ਨੇ ਦੋਸ਼ੀ ਰਵਿੰਦਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ। ਮੁਲਜ਼ਮ ਚਾਟੀਵਿੰਡ ਲੇਹਲ ਦਾ ਰਹਿਣ ਵਾਲਾ ਹੈ।

ਪੁਲੀਸ ਨੇ ਮੁਲਜ਼ਮਾਂ ਕੋਲੋਂ ਵਾਰਦਾਤ ਵਿੱਚ ਵਰਤੀ ਗਈ ਰਿਵਾਲਵਰ ਅਤੇ ਇੱਕ ਬੰਦੂਕ ਬਰਾਮਦ ਕਰ ਲਈ ਹੈ। ਜਾਂਚ ਚ ਪਤਾ ਲੱਗਾ ਹੈ ਕਿ ਦੋਸ਼ੀ ਖਿਲਾਫ ਪਹਿਲਾਂ ਵੀ ਮਾਮਲਾ ਦਰਜ ਹੈ। ਪੁਲਿਸ ਮਾਮਲੇ ਦੀ ਸਾਰੇ ਪਹਿਲੂਆਂ ਤੇ ਬਾਰੀਕੀ ਨਾਲ ਜਾਂਚ ਕਰ ਰਹੀ ਹੈ ਅਤੇ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅਸਲਾ ਐਕਟ ਦੀ ਧਾਰਾ 25/27-54-59 ਤਹਿਤ ਕੇਸ ਦਰਜ ਕੀਤਾ ਗਿਆ ਹੈ। ਇਲਾਕੇ ਚ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਲਈ ਪੁਲਿਸ ਚੌਕਸ ਹੈ।

# ਕੇਂਦਰੀ ਮੰਤਰੀ ਨਿਤਿਨ ਗਡਕਰੀ ਫਿਲਮ ਐਮਰਜੈਂਸੀ ਦੀ ਸਪੈਸ਼ਲ ਸਕ੍ਰੀਨਿੰਗ ਚ ਹੋਏ ਸ਼ਾਮਲ, ਸਾਰਿਆਂ ਨੂੰ ਫਿਲਮ ਦੇਖਣ ਦੀ ਕੀਤੀ ਅਪੀਲ

ਨਵੀਂ ਦਿੱਲੀ-(ਲੋਕ ਬਾਣੀ) ਬਾਲੀਵੁੱਡ ਅਦਾਕਾਰਾ ਤੇ ਸੰਸਦ ਮੈਂਬਰ ਕੰਗਨਾ ਰਣੌਤ ਇਨ੍ਹੀਂ ਦਿਨੀਂ ਆਪਣੀ ਫਿਲਮ ਐਮਰਜੈਂਸੀ ਨੂੰ ਲੈ ਕੇ ਸੁਰਖੀਆਂ ਚ ਹੈ। ਇਸ ਦੌਰਾਨ ਅਦਾਕਾਰਾ ਨੇ ਸ਼ਨੀਵਾਰ ਨੂੰ ਨਾਗਪੁਰ ਵਿੱਚ ਕੇਂਦਰੀ ਮੰਤਰੀ ਨਿਤਿਨ ਗਡਕਰੀ ਲਈ ਫਿਲਮ ਦੀ ਸਪੈਸ਼ਲ ਸਕ੍ਰੀਨਿੰਗ ਦਾ ਆਯੋਜਨ ਕੀਤਾ ਸੀ। ਇਸ ਦੌਰਾਨ ਅਨੁਪਮ ਖੇਰ ਵੀ ਮੌਜੂਦ ਸਨ। ਫਿਲਮ ਐਮਰਜੈਂਸੀ ਦੀ ਵਿਸ਼ੇਸ਼ ਸਕ੍ਰੀਨਿੰਗ ਤੋਂ ਬਾਅਦ, ਨਿਤਿਨ ਗਡਕਰੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ਤੇ ਫੋਟੋਆਂ ਅਤੇ ਵੀਡੀਓਜ਼ ਸ਼ੇਅਰ ਕੀਤੀਆਂ। ਉਨ੍ਹਾਂ ਨੇ ਪੋਸਟ ਸ਼ੇਅਰ ਕਰਦੇ ਹੋਏ ਫਿਲਮ ਦਾ ਰਿਵਿਊ ਦਿੱਤਾ ਹੈ ਅਤੇ ਲੋਕਾਂ ਨੂੰ ਫਿਲਮ ਦੇਖਣ ਦੀ ਅਪੀਲ ਕੀਤੀ ਹੈ।

ਪੋਸਟ ਸ਼ੇਅਰ ਕਰਦੇ ਹੋਏ ਕੇਂਦਰੀ ਮੰਤਰੀ ਨੇ ਲਿਖਿਆ- ਅੱਜ ਕੰਗਨਾ ਅਤੇ ਅਨੁਪਮ ਖੇਰ ਨਾਲ ਨਾਗਪੁਰ ਚ ਫਿਲਮ ਐਮਰਜੈਂਸੀ ਦੀ ਸਪੈਸ਼ਲ ਸਕ੍ਰੀਨਿੰਗ ਚ ਸ਼ਾਮਲ ਹੋਏ। ਸਾਡੇ ਦੇਸ਼ ਦੇ ਇਤਿਹਾਸ ਨੂੰ ਇੰਨੀ ਚੰਗੀ ਤਰ੍ਹਾਂ ਪੇਸ਼ ਕਰਨ ਲਈ ਮੈਂ ਫਿਲਮ ਨਿਰਮਾਤਾਵਾਂ ਅਤੇ ਅਦਾਕਾਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ। ਮੈਂ ਸਾਰਿਆਂ



ਨੂੰ ਇਸ ਫਿਲਮ ਨੂੰ ਦੇਖਣ ਦੀ ਅਪੀਲ ਕਰਦਾ ਹਾਂ, ਫਿਲਮ ਐਮਰਜੈਂਸੀ ਭਾਰਤ ਦੇ ਇਤਿਹਾਸ ਦੇ ਅਧਿਆਏ ਬਾਰੇ ਦੱਸਦੀ ਹੈ।

# ਝਾਰਖੰਡ ਚ ਪ੍ਰਿੰਸੀਪਲ ਨੇ ਕਰੀਬ 100 ਵਿਦਿਆਰਥਣਾਂ ਦੀਆਂ ਉਤਾਰੀਆਂ ਸ਼ਰਟਾ, ਬਲੇਜ਼ਰ ਪਾ ਕੇ ਘਰ ਪਹੁੰਚੀਆਂ ਵਿਦਿਆਰਥਣਾ



ਝਾਰਖੰਡ-(ਲੋਕ ਬਾਣੀ) ਝਾਰਖੰਡ ਦੇ ਧਨਬਾਦ ਦੇ ਇੱਕ ਨਿੱਜੀ ਸਕੂਲ ਵਿੱਚ ਕਰੀਬ 100 ਵਿਦਿਆਰਥਣਾਂ ਦੀਆਂ ਕਮੀਜ਼ਾਂ ਉਤਾਰ ਦਿੱਤੀਆਂ ਗਈਆ ਅਤੇ ਉਨ੍ਹਾਂ ਨੂੰ ਬਿਨਾਂ ਕਮੀਜ਼ ਦੇ ਘਰ ਭੇਜ ਦਿੱਤਾ ਗਿਆ। ਵਿਦਿਆਰਥਣਾਂ ਦੇ ਪਰਿਵਾਰਕ ਮੈਂਬਰਾਂ ਨੇ ਸ਼ਨੀਵਾਰ ਨੂੰ ਧਨਬਾਦ ਕਲੈਕਟਰ ਨਾਲ ਮੁਲਾਕਾਤ ਕੀਤੀ ਅਤੇ ਸਕੂਲ ਪ੍ਰਿੰਸੀਪਲ ਖਿਲਾਫ ਕਾਰਵਾਈ ਦੀ ਮੰਗ ਕੀਤੀ। ਦਰਅਸਲ, ਇਹ ਘਟਨਾ 9 ਜਨਵਰੀ ਦੀ ਹੈ। 11ਵੀਂ ਅਤੇ 10ਵੀਂ ਜਮਾਤ ਦੀਆਂ ਵਿਦਿਆਰਥਣਾਂ ਦੀਆਂ ਫਾਈਨਲ ਪ੍ਰੀਖਿਆਵਾਂ ਤੋਂ ਪਹਿਲਾਂ ਹੋਣ ਵਾਲੀਆਂ ਪ੍ਰੀ-ਬੋਰਡ ਪ੍ਰੀਖਿਆਵਾਂ ਚੱਲ ਰਹੀਆਂ ਸਨ। ਇਮਤਿਹਾਨ ਦੇ ਆਖਰੀ ਦਿਨ ਕਲਮ ਦਿਵਸ ਤੇ ਵਿਦਿਆਰਥੀਆਂ ਨੇ ਇਕ-ਦੂਜੇ ਦੀਆਂ ਕਮੀਜ਼ਾਂ ਤੇ ਸੰਦੇਸ਼ ਲਿਖੇ।

ਵਿਦਿਆਰਥਣਾਂ ਦੇ ਅਜਿਹਾ ਕਰਨ ਤੇ ਸਕੂਲ ਪ੍ਰਿੰਸੀਪਲ ਨਾਰਾਜ਼ ਹੋ ਗਏ। ਦੋਸ਼ ਹੈ ਕਿ ਉਸ ਨੇ ਕਰੀਬ 100 ਵਿਦਿਆਰਥਣਾਂ ਦੀਆਂ ਕਮੀਜ਼ਾਂ ਲਾਹ ਦਿੱਤੀਆਂ ਤੇ ਨੂੰ ਬਿਨਾਂ ਕਮੀਜ਼ ਦੇ ਘਰ ਜਾਣ ਦਿੱਤਾ ਗਿਆ। ਕੁੜੀਆਂ ਬਲੇਜ਼ਰ ਵਿੱਚ ਹੀ ਘਰ ਪਹੁੰਚੀਆਂ। ਧਨਬਾਦ ਕਲੈਕਟਰ ਮਾਧਵੀ ਮਿਸ਼ਰਾ ਨੇ ਮਾਮਲੇ ਦੀ ਜਾਂਚ ਲਈ ਇੱਕ ਕਮੇਟੀ ਦਾ ਗਠਨ ਕਰਕੇ ਜਾਂਚ ਦੇ ਹੁਕਮ ਦਿੱਤੇ ਹਨ। ਇਸ ਦੌਰਾਨ ਸਕੂਲ ਦੀ ਪ੍ਰਿੰਸੀਪਲ ਸਿਸਟਰ ਐੱਮ ਦੇਵਸ਼੍ਰੀ ਏਸੀ ਦਾ ਕਹਿਣਾ ਹੈ ਕਿ ਉਨ੍ਹਾਂ ਤੇ ਲੱਗੇ ਦੋਸ਼ ਝੂਠੇ ਹਨ।

ਰੋਜ਼ਾਨਾ ਲੋਕ ਬਾਣੀ
www.lokbani

ਮਾਪਿਆਂ ਦਾ ਦੋਸ਼ ਹੈ ਕਿ 11ਵੀਂ ਜਮਾਤ ਦੀਆਂ ਵਿਦਿਆਰਥਣਾਂ ਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਦੀਆਂ ਕਮੀਜ਼ਾਂ ਲਾਹ ਦਿੱਤੀਆਂ ਗਈਆਂ। ਇਹ ਵੀ ਕਿਹਾ ਗਿਆ ਸੀ ਕਿ ਸਾਰੇ ਮਾਪਿਆਂ ਨੂੰ ਬੁਲਾਇਆ ਜਾਵੇ ਅਤੇ ਇਕ-ਇਕ ਕਮੀਜ਼ ਮੰਗਵਾਈ ਜਾਵੇ, ਤਾਂ ਹੀ ਉਨ੍ਹਾਂ ਨੂੰ ਸਕੂਲ ਛੱਡਣ ਦੀ ਇਜਾਜ਼ਤ ਦਿੱਤੀ ਜਾਵੇਗੀ। ਕਈ ਕੁੜੀਆਂ ਬਿਨਾਂ ਕਮੀਜ਼ਾਂ ਦੇ ਸਿਰਫ਼ ਬਲੇਜ਼ਰ ਪਾ ਕੇ ਘਰ ਪਹੁੰਚੀਆਂ ਅਤੇ ਬਹੁਤ ਰੋਈਆਂ।

ਇਸ ਦੇ ਨਾਲ ਹੀ ਮਾਪੇ ਸਥਾਨਕ ਵਿਧਾਇਕ ਰਾਗਿਨੀ ਸਿੰਘ ਦੇ ਨਾਲ ਡੀਸੀ ਦਫ਼ਤਰ ਪੁੱਜੇ। ਇਸ ਘਟਨਾ ਨੂੰ ਮੰਦਭਾਗਾ ਅਤੇ ਸ਼ਰਮਨਾਕ ਦੱਸਦਿਆਂ ਵਿਧਾਇਕ ਰਾਗਿਨੀ ਸਿੰਘ ਨੇ ਕਿਹਾ ਕਿ ਉਹ ਮਾਪਿਆਂ ਨੂੰ ਇਨਸਾਫ਼ ਦਿਵਾਉਣ ਲਈ ਹਰ ਸੰਭਵ ਯਤਨ ਕਰਨਗੇ ਅਤੇ ਲੋੜ ਪੈਣ ਤੇ ਮੁੱਖ ਮੰਤਰੀ ਨੂੰ ਵੀ ਮਿਲਣਗੇ ।

# ICC ਚੈਂਪੀਅਨਜ਼ ਟਰਾਫੀ ਲਈ ਨਿਊਜ਼ੀਲੈਂਡ ਦੀ ਟੀਮ ਦਾ ਐਲਾਨ, ਸੈਂਟਨਰ ਕਰਨਗੇ ਕਪਤਾਨੀ



(ਲੋਕ ਬਾਣੀ) ਨਿਊਜ਼ੀਲੈਂਡ ਕ੍ਰਿਕਟ ਟੀਮ ਨੇ ਆਈਸੀਸੀ ਚੈਂਪੀਅਨਜ਼ ਟਰਾਫੀ 2025 ਲਈ ਆਪਣੀ 15 ਮੈਂਬਰੀ ਟੀਮ ਦਾ ਐਲਾਨ ਕਰ ਦਿੱਤਾ ਹੈ। ਸਪਿਨ ਆਲਰਾਊਂਡਰ ਮਿਸ਼ੇਲ ਸੈਂਟਨਰ ਚੈਂਪੀਅਨਜ਼ ਟਰਾਫੀ ਚ ਨਿਊਜ਼ੀਲੈਂਡ ਟੀਮ ਦੀ ਕਪਤਾਨੀ ਕਰਨਗੇ। ਸਾਬਕਾ ਕਪਤਾਨ ਅਤੇ ਅਨੁਭਵੀ ਬੱਲੇਬਾਜ਼ ਕੇਨ ਵਿਲੀਅਮਸਨ ਨੂੰ ਵੀ ਟੀਮ ਚ ਜਗ੍ਹਾ ਮਿਲੀ ਹੈ।

ਵਿਲੀਅਮਸਨ ਦੀ 14 ਮਹੀਨਿਆਂ ਬਾਅਦ ਵਨਡੇ ਟੀਮ ਚ ਵਾਪਸੀ ਹੋਈ ਹੈ। ਉਸਨੇ ਆਪਣੇ ਦੇਸ਼ ਲਈ ਆਪਣਾ ਆਖਰੀ ਵਨਡੇ ਮੈਚ ਨਵੰਬਰ ਵਿੱਚ ਆਯੋਜਿਤ ਇੱਕ ਰੋਜ਼ਾ ਵਿਸ਼ਵ ਕੱਪ-2023 ਦੇ ਸੈਮੀਫਾਈਨਲ ਵਿੱਚ ਖੇਡਿਆ ਸੀ।

ਆਈਸੀਸੀ ਚੈਂਪੀਅਨਜ਼ ਟਰਾਫੀ 19 ਫਰਵਰੀ ਤੋਂ ਸ਼ੁਰੂ ਹੋਵੇਗੀ। ਨਿਊਜ਼ੀਲੈਂਡ ਆਪਣਾ ਪਹਿਲਾ ਮੈਚ 19 ਫਰਵਰੀ ਨੂੰ ਪਾਕਿਸਤਾਨ ਖਿਲਾਫ ਖੇਡੇਗਾ। ਟੂਰਨਾਮੈਂਟ ਦੀ ਸ਼ੁਰੂਆਤ ਇਸ ਮੈਚ ਨਾਲ ਹੋਵੇਗੀ।

# ਹਾਈਕੋਰਟ ਦੇ ਹੁਕਮਾਂ ਤੇ ਪ੍ਰਸ਼ਾਸ਼ਨ ਨੇ ਹਟਾਏ ਨਜਾਇਜ ਕਬਜੇ ,ਦੁਕਾਨਦਾਰਾਂ ਨੇ ਕੀਤਾ ਵਿਰੋਧ

ਬਾਬਾ ਬਕਾਲਾ ਸਾਹਿਬ, (ਲੋਕ ਬਾਣੀ) ਬਾਬਾ ਬਕਾਲਾ ਸਾਹਿਬ ਦੁਕਾਨਦਾਰਾਂ ਵੱਲੋਂ ਵਧਾਏ ਵਾਧਿਆਂ ਅਤੇ ਨਜ਼ਾਇਜ਼ ਕਬਜਿਆਂ ਨੂੰ ਲੈ ਕੇ ਮਾਣਯੋਗ ਹਾਈਕੋਰਟ ਦੇ ਹੁਕਮਾਂ ਤੇ ਪੁਲਿਸ-ਪ੍ਰਸ਼ਾਸ਼ਨ ਨੇ ਸਾਂਝੀ ਕਾਰਵਾਈ ਕਰਦੇ ਹੋਏ ਨਜਾਇਜ ਛਪਰੇ ਹਟਾਏ, ਦੁਕਾਨਾਂ ਅੱਗੇ ਪਏ ਬੇਲੋੜੇ ਸਮਾਨ ਨੂੰ ਚੁੱਕਿਆ ਗਿਆ ਅਤੇ ਫੁੱਟਪਾਥਾਂ ਨੂੰ ਜੇ.ਸੀ.ਬੀ. ਮਸ਼ੀਨ ਨਾਲ ਢਾਹਿਆ ਗਿਆ । ਇਸ ਕਾਰਵਾਈ ਦਾ ਕਈ ਦੁਕਾਨਦਾਰਾਂ ਨੇ ਸਖਤ ਵਿਰੋਧ ਵੀ ਕੀਤਾ ਅਤੇ ਕਿਹਾ ਕਿ ਇਹ ਕਾਰਵਾਈ ਬਿਲਕੁਲ ਨਜ਼ਾਇਜ ਕੀਤੀ ਜਾ ਰਹੀ ਹੈ, ਕਿਉਂਕਿ ਉਨ੍ਹਾਂ ਦੇ ਆਪਣੀ ਦੁਕਾਨ ਦੇ ਮੂਹਰੇ ਆਪਣੇ ਦਾਇਰੇ ਵਿੱਚ ਰਹਿ ਕੇ ਫੁੱਟਪਾਥ ਬਣਾਏ ਹਨ । ਇੱਥੇ ਜਿਕਰਯੋਗ ਹੈ ਕਿ ਸ੍ਰੀ ਦਰਬਾਰ ਸਾਹਿਬ ਚੌਂਕ ਤੋਂ ਮੇਨ ਗੇਟ ਤੱਕ ਸੜਕ ਦੇ ਵਿਚਕਾਰ ਖੜ੍ਹਣ ਵਾਲੇ ਵਹੀਕਲਾਂ, ਰੇਹੜੀਆਂ, ਘੜੁੱਕਿਆਂ ਅਤੇ ਦੁਕਾਨਦਾਰਾਂ ਵੱਲੋਂ ਵਧਾਏ ਬੇਲੋੜੇ ਵਾਧਿਆਂ ਅਤੇ ਨਜ਼ਾਇਜ਼ ਕਬਜਿਆਂ ਦੀ ਸਮੱਸਿਆ ਪਿਛਲੇ ਲੰਬੇ ਸਮੇਂ ਤੋਂ ਸਥਾਨਕ ਲੋਕਾਂ ਅਤੇ ਯਾਤਰੂਆਂ ਲਈ ਸਿਰਦਰਦੀ ਦਾ ਕਾਰਣ ਬਣੀ ਹੋਈ ਹੈ । ਗੁਰਦੁਆਰਾ ਨੌਵੀਂ ਪਾਤਸ਼ਾਹੀ ਬਾਬਾ ਬਕਾਲਾ ਸਾਹਿਬ ਨੂੰ ਆਉਣ ਵਾਲੇ ਸ਼ਰਧਾਲੂ ਮੇਨ ਬਜ਼ਾਰ ਵਿੱਚ ਹੀ ਕਾਰਾਂ ਲਗਾ ਕੇ ਦਰਸ਼ਨਾਂ ਲਈ ਚਲੇ ਜਾਂਦੇ ਹਨ, ਦੁਕਾਨਦਾਰਾਂ ਦੇ ਲੱਖ ਮਨ੍ਹਾਂ ਕਰਨ ਤੇ ਵੀ ਉਕਤ ਸ਼ਰਧਾਲੂ ਸ਼ਰੇਆਮ ਬਜ਼ਾਰ ਵਿੱਚ ਹੀ ਗੱਡੀਆਂ ਖੜੀਆਂ ਕਰ ਜਾਂਦੇ ਹਨ, ਜਿਸ ਕਾਰਣ ਮੇਨ ਬਜ਼ਾਰ ਵਿੱਚ ਅਕਸਰ ਜਾਮ ਲੱਗ ਜਾਂਦਾ ਹੈ ਅਤੇ ਆਵਾਜਾਈ ਵਿੱਚ ਭਾਰੀ ਸਮੱਸਿਆ ਆਉਂਦੀ ਹੈ । ਇਸ ਸਬੰਧੀ ਸਥਾਨਕ ਦੁਕਾਨਦਾਰ ਬਲਕਾਰ ਸਿੰਘ ਵੱਲੋਂ ਇਕ ਪੁਟੀਸ਼ਨ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੂੰ ਪਾਈ ਸੀ, ਜਿਸ ਤੇ



ਮਾਣਯੋਗ ਹਾਈਕੋਰਟ ਵੱਲੋਂ ਜਾਰੀ ਹੁਕਮਾਂ ਤੇ ਸਥਾਨਕ ਪ੍ਰਸ਼ਾਸ਼ਨ ਨੇ ਇਸ ਸਬੰਧੀ ਲਗਾਤਾਰ ਯਤਨ ਕੀਤੇ ਅਤੇ ਮਾਣਯੋਗ ਹਾਈਕੋਰਟ ਦੇ ਹੁਕਮਾਂ ਸਬੰਧੀ ਸਥਾਨਕ ਬਜ਼ਾਰ ਨਾਲ ਸਬੰਧਿਤ ਦੁਕਾਨਦਾਰਾਂ ਨੂੰ ਜਾਣੂ ਕਰਵਾਇਆ ਗਿਆ । ਅੱਜ ਮਾਣਯੋਗ ਹਾਈਕੋਰਟ ਦੇ ਹੁਕਮਾਂ ਤੇ ਤਹਿਸੀਲਦਾਰ ਸੁਖਦੇਵ ਕੁਮਾਰ ਬੰਗੜ, ਈ.ਓ. ਵਿਜੈ ਡੋਗਰਾ ਅਤੇ ਐਸ. ਐਚ.ਓ. ਗਗਨਦੀਪ ਸਿੰਘ ਬਿਆਸ ਦੀ ਅਗਵਾਈ ਹੇਠ ਪੁਲਿਸ-ਪ੍ਰਸ਼ਾਸ਼ਨ ਅਤੇ ਨਗਰ ਪੰਚਾਇਤ ਦੇ ਸਮੂਹ ਕਰਮਚਾਰੀਆਂ ਨੇ ਬਜ਼ਾਰ ਵਿੱਚ ਨਜ਼ਾਇਜ ਵਾਧਿਆਂ ਦੀ ਰੋਕਥਾਮ ਲਈ ਕਾਰਵਾਈ ਕਰਕੇ ਨਜਾਇਜ ਵਧੇ ਹੋਏ ਛਪਰੇ ਅਤੇ ਦੁਕਾਨਾਂ ਦੇ ਅੱਗੇ ਵਾਧੂ ਪਏ ਸਮਾਨ ਨੂੰ ਚੁੱਕਕੇ ਆਪਣੇ ਕਬਜੇ ਵਿੱਚ ਲੈ ਲਿਆ ਅਤੇ ਫੁੱਟਪਾਥ ਨੂੰ ਪੀਲੇ ਪੰਜੇ ਨਾਲ ਤੋੜ ਦਿੱਤਾ ਗਿਆ । ਜਿਸਦਾ ਦੁਕਾਨਦਾਰਾਂ ਨੇ ਭਾਰੀ ਵਿਰੋਧ ਕੀਤਾ, ਇੱਥੋਂ ਤੱਕ ਕਿ ਜਦ ਇਕ ਦੁਕਾਨਦਾਰ ਦੀਪਕ ਸਿੰਘ ਬੀ.ਡੀ.ਓ.ਦੀ ਹੱਟੀ ਦੀ ਦੁਕਾਨ ਅੱਗੇ ਬਣੀ ਥੜੀ ਤੋੜਣ ਲੱਗੇ ਤਾਂ ਉਸ ਨੇ ਆਪਣੇ ਉੱਪਰ ਮਿੱਟੀ ਦਾ ਤੇਲ ਪਾ ਲਿਆ ਜਦ ਉਹ ਅੱਗ ਲਾਉਣ ਲੱਗਾ ਤਾਂ ਉਸਨੂੰ ਸਥਾਨਕ ਦੁਕਾਨਦਾਰਾਂ ਨੇ ਫੜ ਲਿਆ ਅਤੇ ਉਸਦਾ ਜਾਨੀ ਨੁਕਸਾਨ ਹੋਣੋਂ ਬਚ ਗਿਆ, ਇਸੇ ਤਰ੍ਹਾਂ ਦੁਕਾਨਦਾਰਾਂ ਦੀਆਂ ਦੁਕਾਨਾਂ ਅੱਗੇ ਸੰਗਮਰਮਰ ਦੀਆਂ ਬਣੀਆਂ ਕੀਮਤੀ ਥੜੀਆਂ ਵੀ ਤੋੜ ਦਿੱਤੀਆਂ ਗਈਆਂ, ਜਿਸਦਾ ਦੁਕਾਨਦਾਰਾਂ ਨੇ ਵਿਰੋਧ ਕੀਤਾ, ਪਰ ਉਨ੍ਹਾਂ ਦੀ ਪੇਸ਼ ਨਾ ਚਲ ਸਕੀ, ਦੁਕਾਨਦਾਰ ਹਾਈਕੋਰਟ ਸ਼ਿਕਾਇਤ ਕਰਨ ਵਾਲੇ ਨੂੰ ਵੀ ਜੰਮਕੇ ਕੋਸ ਰਹੇ ਸਨ, ਜਿਸਦੀ ਬਦੌਲਤ ਉਨ੍ਹਾਂ ਦੀ ਰੋਜੀ ਰੋਟੀ ਨੂੰ ਵੀ ਖਤਰਾ ਪੈਦਾ ਹੋ ਗਿਆ ਹੈ ।

# ਚੈਪੀਅਨਸ ਟਰੋਫੀ ਤੋਂ ਪਹਿਲਾ ਬੰਗਲਾਦੇਸ਼ ਟੀਮ ਨੂੰ ਵੱਡਾ ਝਟਕਾ, ਤਮੀਮ ਇਕਬਾਲ ਨੇ ਅੰਤਰਰਾਸ਼ਟਰੀ ਕ੍ਰਿਕਟ ਤੋਂ ਲਿਆ ਸੰਨਿਆਸ



(ਲੋਕ ਬਾਣੀ) ਚੈਪੀਅਨਸ ਟਰੋਫੀ ਤੋਂ ਪਹਿਲਾ ਬੰਗਲਾਦੇਸ਼ ਦੀ ਕ੍ਰਿਕਟ ਟੀਮ ਨੂੰ ਵੱਡਾ ਝਟਕਾ ਲੱਗਿਆ ਹੈਲਈ ਬੰਗਲਾਦੇਸ਼ ਦੇ ਸਾਬਕਾ ਕਪਤਾਨ ਤਮੀਮ ਇਕਬਾਲ ਨੇ ਫਿਰ ਤੋਂ ਅੰਤਰਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈ ਲਿਆ ਹੈ। ਇਹ ਦੂਜੀ ਵਾਰ ਹੈ ਜਦੋਂ ਉਨ੍ਹਾਂ ਨੇ ਆਪਣੇ ਕਰੀਅਰ ਨੂੰ ਅਲਵਿਦਾ ਕਿਹਾ ਹੈ। ਤਮੀਮ ਨੇ ਵੀ ਜੁਲਾਈ 2023 ਚ ਅੰਤਰਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈ ਲਿਆ ਸੀ ਪਰ 24 ਘੰਟਿਆਂ ਦੇ ਅੰਦਰ ਆਪਣਾ ਫੈਸਲਾ ਬਦਲ ਲਿਆ।

ਤਮੀਮ ਨੇ ਹਾਲ ਹੀ ਚ ਰਾਸ਼ਟਰੀ ਚੋਣ ਪੈਨਲ ਨਾਲ ਮੁਲਾਕਾਤ ਕੀਤੀ ਸੀ। ਆਈਸੀਸੀ ਚੈਂਪੀਅਨਜ਼ ਟਰਾਫੀ ਲਈ ਟੀਮ ਦਾ ਐਲਾਨ ਹੋਣ ਤੋਂ ਪਹਿਲਾਂ ਹੀ ਉਹ ਸੰਨਿਆਸ ਲੈ ਗਿਆ ਸੀ।

ਤਮੀਮ ਨੇ ਸਤੰਬਰ 2023 ਵਿੱਚ ਬੰਗਲਾਦੇਸ਼ ਲਈ ਆਪਣਾ ਆਖਰੀ ਮੈਚ ਖੇਡਿਆ ਸੀ। ਉਸਨੇ ਫਰਵਰੀ 2007 ਵਿੱਚ ਜ਼ਿੰਬਾਬਵੇ ਦੇ ਖਿਲਾਫ ਇੱਕ ਵਨਡੇ ਮੈਚ ਵਿੱਚ ਆਪਣੇ ਅੰਤਰਰਾਸ਼ਟਰੀ ਕਰੀਅਰ ਦੀ ਸ਼ੁਰੂਆਤ ਕੀਤੀ।

# ਧੁੰਦ ਵਿਚ ਹਾਦਸੇ ਦੀ ਸੰਭਾਵਨਾ ਨੂੰ ਘੱਟ ਕਰਦੇ ਹਨ ਰਿਫਲੈਕਟਰ ਅਤੇ ਰੇਡੀਅਮ ਟੇਪ - ਐਸ.ਪੀ. ਰੁਪਿੰਦਰ ਕੌਰ ਭੱਟੀ







ਫਗਵਾੜਾ ( ਸੁਸ਼ੀਲ ਸ਼ਰਮਾ )ਐਸ.ਐਸ.ਪੀ. ਕਪੂਰਥਲਾ ਗੌਰਵ ਤੂਰਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਟਰੈਫਿਕ ਪੁਲਿਸ ਫਗਵਾੜਾ ਵਲੋਂ 11 ਤੋਂ 17 ਜਨਵਰੀ ਤੱਕ ਮਨਾਏ ਜਾ ਰਹੇ ਸੜਕ ਸੁਰੱਖਿਆ ਹਫਤਾ ਦੀ ਲੜੀ ਤਹਿਤ ਅੱਜ ਸਥਾਨਕ ਜੀ.ਟੀ. ਰੋਡ ਤੇ ਟਰੈਫਿਕ ਪੁਲਿਸ ਇੰਚਾਰਜ ਅਮਨ ਕੁਮਾਰ ਅਤੇ ਥਾਣਾ ਸਿਟੀ ਦੇ ਐਸ.ਐਚ.ਓ. ਅਮਨਦੀਪ ਨਾਹਰ ਦੀ ਅਗਵਾਈ ਹੇਠ ਵਾਹਨ ਚਾਲਕਾਂ ਨੂੰ ਟਰੈਫਿਕ ਨਿਯਮਾਂ ਪ੍ਰਤੀ ਜਾਣੂ ਕਰਵਾਇਆ ਗਿਆ ਅਤੇ ਵਾਹਨਾਂ ਉੱਪਰ ਰਿਫਲੈਕਟਰ ਅਤੇ ਸਟੀਕਰ ਲਗਾਏ ਗਏ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਐਸ.ਪੀ. ਫਗਵਾੜਾ ਰੁਪਿੰਦਰ ਕੌਰ ਭੱਟੀ ਅਤੇ ਡੀ.ਐਸ.ਪੀ. ਭਾਰਤ ਭੂਸ਼ਣ ਨੇ ਰਿਫਲੈਕਟਰ ਅਤੇ ਸਟੀਕਰ ਲਗਾਉਣ ਦੀ ਸ਼ੁਰੂਆਤ ਕਰਵਾਈ। ਐਸ.ਪੀ. ਰੁਪਿੰਦਰ ਕੌਰ ਭੱਟੀ ਨੇ ਦੱਸਿਆ ਕਿ ਧੁੰਧ ਤੋਂ ਬਚਾਅ ਲਈ ਵਾਹਨਾਂ ਦੇ ਪਿੱਛੇ ਰਿਫਲੈਕਟਰ ਲਗਾਏ ਜਾ ਰਹੇ ਹਨ ਅਤੇ ਸਾਈਬਰ ਕਰਾਈਮ ਦਾ ਸ਼ਿਕਾਰ ਲੋਕਾਂ ਨੂੰ ਹੈਲਪ ਲਾਈਨ ਨੰਬਰ 1130 ਉੱਪਰ ਸ਼ਿਕਾਇਤ ਕਰਨ ਹਿਤ ਜਾਣਕਾਰੀ ਦੇਣ ਲਈ ਹਰੇਕ ਵਾਹਨ ਦੇ ਪਿੱਛੇ ਸਟੀਕਰ ਲਗਾਏ ਜਾ ਰਹੇ ਹਨ। ਉਹਨਾਂ ਦੱਸਿਆ ਕਿ ਜਿਆਦਾਤਰ ਸੜਕ ਹਾਦਸੇ ਟਰੈਫਿਕ ਨਿਯਮਾਂ ਦੀ ਉਲੰਘਣਾ ਕਾਰਨ ਵਾਪਰਦੇ ਹਨ। ਇਸ ਲਈ ਹਰ ਵਾਹਨ ਚਾਲਕ ਨੂੰ ਟਰੈਫਿਕ ਨਿਯਮਾਂ ਦੀ ਪਾਲਣਾ ਪੂਰੀ ਸਖਤੀ ਨਾਲ ਕਰਨੀ ਚਾਹੀਦੀ ਹੈ। ਕਿਸੇ ਵੀ ਤਰ੍ਹਾਂ ਦਾ ਨਸ਼ਾ ਕਰਕੇ ਵਾਹਨ ਨਹੀਂ ਚਲਾਉਣਾ ਚਾਹੀਦਾ। ਡਰਾਈਵਿੰਗ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਹੀਂ ਕਰਨੀ ਚਾਹੀਦੀ। ਭਾਰੀ ਵਾਹਨ ਚਲਾਉਣ ਸਮੇਂ ਸੀਟ ਬੈਲਟ ਦੀ ਵਰਤੋਂ ਕਰਨੀ ਚਾਹੀਦੀ ਹੈ। ਓਵਰਟੇਕ ਕਰਦੇ ਸਮੇਂ ਅੱਗੇ ਤੇ ਪਿੱਛੇ ਜਰੂਰ ਦੇਖ ਲੈਣਾ ਚਾਹੀਦਾ ਹੈ। ਮੋੜ ਕੱਟਣ ਤੋਂ ਪਹਿਲਾਂ ਹਾਰਨ ਅਤੇ ਇੰਡੀਕੇਟਰ ਦੀ ਵਰਤੋਂ ਜਰੂਰ ਕੀਤੀ ਜਾਵੇ। ਉਹਨਾਂ ਕਿਹਾ ਕਿ ਇਨਸਾਨੀ ਜਿੰਦਗੀ ਬਹੁਤ ਕੀਮਤੀ ਹੈ। ਇਕ ਜਿੰਦਗੀ ਜਾਇਆ ਹੋਣ ਨਾਲ ਇਕ ਪਰਿਵਾਰ ਬਰਬਾਦ ਹੋ ਸਕਦਾ ਹੈ। ਜਿਸ ਦਾ ਖਿਆਲ ਹਰ ਵਾਹਨ ਚਾਲਕ ਨੂੰ ਰੱਖਣਾ ਚਾਹੀਦਾ ਹੈ। ਧੁੰਦ ਦੌਰਾਨ ਵਾਹਨ ਦੀ ਰਫਤਾਰ ਹੌਲੀ ਰੱਖੀ ਜਾਵੇ, ਹੈਡਲਾਈਟ ਅਤੇ ਇੰਡੀਕੇਟਰ ਚਾਲੂ ਰੱਖੇ ਜਾਣ ਅਤੇ ਗੱਡੀ ਦੇ ਪਿੱਛੇ ਰੇਡੀਅਮ ਟੇਪ ਲਗਾਉਣ ਨਾਲ ਹਾਦਸੇ ਤੋਂ ਬਚਾਅ ਕੀਤਾ ਜਾ ਸਕਦਾ ਹੈ। ਇਸ ਮੌਕੇ ਵੱਖ-ਵੱਖ ਥਾਣਿਆਂ ਦੇ ਮੁਲਾਜਮ ਵੀ ਹਾਜਰ ਸਨ।

# ਸਟੇਟ ਅਵਾਰਡੀ ਅਧਿਆਪਕਾਂ ਨੇ ਸਰਪੰਚ ਵਿਦਿਆਰਥੀ ਨੂੰ ਦਿੱਤੀ ਮੁਬਾਰਕਬਾਦ



ਫਗਵਾੜਾ (ਸੁਸ਼ੀਲ ਸ਼ਰਮਾ) ਸਿੱਖਿਆ ਵਿਭਾਗ ਵਿੱਚ ਨਾਮਵਰ ਸਖਸ਼ੀਅਤਾਂ ਸਟੇਟ ਅਵਾਰਡੀ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਅਤੇ ਉਹਨਾਂ ਦੀ ਧਰਮ ਪਤਨੀ ਸਟੇਟ ਅਵਾਰਡੀ ਕਮਲੇਸ਼ ਕੁਮਾਰੀ ਘੇੜਾ ਸਕੂਲ ਲੈਕਚਰਾਰ ਨੇ ਆਪਣੇ ਹਰਮਨ ਪਿਆਰੇ ਵਿਦਿਆਰਥੀ ਰਜਤ ਭਨੋਟ ਰਾਜੂ ਨੂੰ ਭੁੱਲਾਰਾਏ ਦੇ ਸਰਪੰਚ ਨਿਯੁਕਤ ਹੋਣ ਤੇ ਵਿਸ਼ੇਸ਼ ਤੌਰ ਤੇ ਉਹਨਾਂ ਦੇ ਘਰ ਜਾ ਕੇ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਮੁਬਾਰਕਬਾਦ ਦਿੱਤੀ। ਰਾਜ ਪੁਰਸਕਾਰ ਵਿਜੇਤਾ ਦੰਪਤੀ ਨੇ ਦੱਸਿਆ ਇਸ ਵਿਦਿਆਰਥੀ ਨੇ ਉਹਨਾਂ ਕੋਲੋਂ ਭੁੱਲਾਰਾਏ ਸਕੂਲ ਤੋਂ 12ਵੀਂ ਜਮਾਤ ਪਾਸ ਕੀਤੀ ਸੀ, ਸਕੂਲ ਸਮੇਂ ਤੋਂ ਹੀ ਇਹ ਵਿਦਿਆਰਥੀ ਬਹੁਤ ਜ਼ਿੰਮੇਵਾਰ,ਲਾਇਕ ਅਤੇ ਸਿਆਣਾ ਸੀ। ਸਕੂਲ ਦੀ ਪੜ੍ਹਾਈ ਪੂਰੀ ਕਰਦੇ ਹੀ ਇਸ ਨੇ ਸਮਾਜ ਸੇਵੀ ਕੰਮਾਂ ਵਿਚ ਹਿੱਸਾ ਲੈਣਾ ਸ਼ੁਰੂ ਕਿੱਤਾ ਸੀ। ਇਸ ਮੌਕੇ ਤੇ ਸਰਪੰਚ ਰਜਤ ਭਨੋਟ ਨੇ ਦੱਸਿਆ ਕਿ ਉਹ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ ਅਤੇ ਕਮਲੇਸ਼ ਕੁਮਾਰੀ ਘੇੜਾ ਦਾ ਪੁਰਾਣਾ ਵਿਦਿਆਰਥੀ ਹੈ ਅਤੇ ਇਹ ਮੇਰੇ ਅਸਲ ਗੁਰੂ ਹਨ,ਕਿਉਂਕਿ ਮੈਂ ਇਹਨਾ ਕੋਲੋਂ ਪੜ੍ਹਾਈ ਦੇ ਨਾਲ-ਨਾਲ ਜ਼ਿੰਦਗੀ ਵਿੱਚ ਇੱਕ ਨੇਕ ਇਨਸਾਨ ਬਣਨ,ਸਮਾਜ ਸੇਵਾ ਕਰਨ ਅਤੇ ਕਾਮਯਾਬ ਹੋਣ ਅਤੇ ਅਨੁਸ਼ਾਸਨ ਵਿੱਚ ਰਹਿਣ ਦੇ ਅਨੇਕਾਂ ਗੁਣ ਸਿੱਖੇ ਹਨ। ਇਸ ਮੌਕੇ ਤੇ ਉਹਨਾ ਦੇ ਵਿਦਿਆਰਥੀ ਪੰਚ ਗੁਰਜੀਤ ਕੁਮਾਰ,ਰਾਕੇਸ਼ ਕੁਮਾਰ,ਮਨੀ ਕੁਮਾਰ,ਲਖਵਿੰਦਰ ਕੁਮਾਰ ਤੋਂ ਇਲਾਵਾ ਰਜਤ ਭਨੋਟ ਸਰਪੰਚ ਦੇ ਮਾਤਾ ਪ੍ਰਵੀਨ ਭਨੋਟ ਅਤੇ ਚਾਚਾ ਅਸ਼ੋਕ ਭਨੋਟ ਹਾਜਰ ਸਨ।

# ਰੋਟਰੀ ਕਲੱਬ ਆਫ਼ ਖਰੜ ਵਲੋਂ ਲੋਹੜੀ ਦਾ ਤਿਉਹਾਰ ਮਨਾਇਆ




ਖਰੜ, (ਕਾਲਾਂ ਸਿੰਘ ਸੈਣੀ )-ਰੋਟਰੀ ਕਲੱਬ ਆਫ਼ ਖਰੜ ਵਲੋਂ ਲੋਹੜੀ ਦਾ ਤਿਉਹਾਰ ਮਨਾਉਣ ਮਨਾਇਆਂ ਗਿਆ। ਜਿਸ ਵਿੱਚ ਜ਼ਿਲ੍ਹਾ ਗਵਰਨਰ ਰਾਜਪਾਲ ਸਿੰਘ ਅਤੇ ਉਨ੍ਹਾਂ ਦੀ ਧਰਮ ਪਤਨੀ ਇੰਦਰਬੀਰ ਕੌਰ ਅਤੇ ਸਾਬਕਾ ਜ਼ਿਲ੍ਹਾ ਗਵਰਨਰ ਰੋਟੇਰੀਅਨ ਮਨਮੋਹਨ ਸਿੰਘ ਵਿਸ਼ੇਸ਼ ਤੌਰ ਤੇ ਮੌਜੂਦ ਸਨ। ਇਹ ਸਮਾਗਮ ਸੱਭਿਆਚਾਰ, ਫੈਲੋਸ਼ਿਪ ਅਤੇ ਸੱਭਿਆਚਾਰ ਦਾ ਇੱਕ ਜੀਵੰਤ ਸੁਮੇਲ ਸੀ। ਇਸ ਮੌਕੇ ਮੁੱਖ ਗੱਲਾਂ ਵਿੱਚੋਂ ਇੱਕ ਨਵੇਂ ਮੈਂਬਰਾਂ ਲਈ ਪਿੰਨਿੰਗ ਸਮਾਰੋਹ ਸੀ, ਜਿਨ੍ਹਾਂ ਦਾ ਰੋਟਰੀ ਪਰਿਵਾਰ ਵਿੱਚ ਨਿੱਘਾ ਸਵਾਗਤ ਕੀਤਾ ਗਿਆ। ਇਸ ਸਮਾਗਮ ਵਿੱਚ ਕਲੱਬ ਦੇ ਪ੍ਰਧਾਨ ਰੋਟੇਰੀਅਨ ਗੁਰਪ੍ਰੀਤ ਸਿੰਘ ਦੁਆਰਾ ਪੇਸ਼ ਕੀਤੀ ਗਈ ਇੱਕ ਵਿਸਥਾਰਤ ਰਿਪੋਰਟ ਵੀ ਪੇਸ਼ ਕੀਤੀ ਗਈ ਜਿਸ ਵਿੱਚ ਉਨ੍ਹਾਂ ਦੀ ਅਗਵਾਈ ਵਿੱਚ ਕੀਤੇ ਗਏ ਪ੍ਰਭਾਵਸ਼ਾਲੀ ਕਾਰਜਾਂ ਨੂੰ ਦਰਸਾਇਆ ਗਿਆ। ਰਿਪੋਰਟ ਨੇ ਉਨ੍ਹਾਂ ਪਹਿਲਕਦਮੀਆਂ ਨੂੰ ਉਜਾਗਰ ਕੀਤਾ ਜੋ ਮੁੱਖ ਭਾਈਚਾਰਕ ਮੁੱਦਿਆਂ ਨੂੰ ਸੰਬੋਧਿਤ ਕਰਦੇ ਹਨ, ਜੋ ਕਿ ਕਲੱਬ ਦੀ ਸਵੈ ਤੋਂ ਉੱਪਰ ਸੇਵਾ ਲਈ ਅਟੁੱਟ ਵਚਨਬੱਧਤਾ ਨੂੰ ਦਰਸਾਉਂਦੀ ਹੈ। ਇਸ ਮੌਕੇ ਆਸ-ਪਾਸ ਦੇ ਰੋਟਰੀ ਕਲੱਬਾਂ ਅਤੇ ਸ਼ਹਿਰ ਦੇ ਪਤਵੰਤਿਆਂ ਨੇ ਇਸ ਮੌਕੇ ਹਾਜ਼ਰੀ ਭਰ ਕੇ ਸ਼ਾਮ ਦੀ ਰੌਣਕ ਵਧਾ ਦਿੱਤੀ। ਇਸ ਮੌਕੇ ਕਲੱਬ ਨੇ ਰੋਟਰੀ ਫਾਊਂਡੇਸ਼ਨ ਨੂੰ 10 ਲੱਖ ਰੁਪਏ ਦੇਣ ਦਾ ਵਾਅਦਾ ਕੀਤਾ ਅਤੇ ਗਲੋਬਲ ਰੋਟਰੀ ਪਹਿਲਕਦਮੀਆਂ ਦਾ ਸਮਰਥਨ ਕਰਨ ਅਤੇ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਆਪਣੇ ਸਮਰਪਣ ਦੀ ਪੁਸ਼ਟੀ ਕੀਤੀ। ਸਮਾਗਮ ਦੀ ਸਮਾਪਤੀ ਰੋਟੇਰੀਅਨ ਸੁਖਵਿੰਦਰ ਸਿੰਘ ਲੌਂਗੀਆ ਅਤੇ ਕਮਲਦੀਪ ਸਿੰਘ ਟਿਵਾਣਾ ਦੀ ਪ੍ਰਧਾਨਗੀ ਹੇਠ ਇੱਕ ਸ਼ਾਨਦਾਰ ਡਿਨਰ ਅਤੇ ਲੋਹੜੀ ਦੇ ਤਿਉਹਾਰ ਨਾਲ ਹੋਈ, ਜਿਸ ਵਿੱਚ ਮੈਂਬਰਾਂ ਅਤੇ ਮਹਿਮਾਨਾਂ ਨੇ ਖੁਸ਼ੀ ਦੇ ਮਾਹੌਲ ਵਿੱਚ ਇਕੱਠੇ ਹੋਏ।

# ਕਮਲਾ ਨਹਿਰੂ ਕਾਲਜ ਫਾਰ ਵੂਮੈਨ, ਫਗਵਾੜਾ ਦੇ ਰੈੱਡ ਰਿਬਨ ਕਲੱਬ ਨੇ ਰਾਸ਼ਟਰੀ ਯੁਵਾ ਦਿਵਸ ਮਨਾਇਆ।









ਫ਼ਗਵਾੜਾ (ਸੁਸ਼ੀਲ ਸ਼ਰਮਾ) ਕਾਲਜ ਪ੍ਰਿੰਸੀਪਲ ਡਾ.ਸਵਿੰਦਰ ਪਾਲ ਦੀ ਯੋਗ ਅਗਵਾਈ ਹੇਠ ਕਮਲਾ ਨਹਿਰੂ ਕਾਲਜ ਫ਼ਾਰ ਵੂਮੈਨ,ਫਗਵਾੜਾ ਦੇ ਰੈੱਡ ਰਿਬਨ ਕਲੱਬ ਵੱਲੋਂ ਰਾਸ਼ਟਰੀ ਯੁਵਾ ਦਿਵਸ ਮਨਾਉਣ ਲਈ ਪੋਸਟਰ ਮੇਕਿੰਗ ਮੁਕਾਬਲਾ, ਘੋਸ਼ਣਾ ਪੱਤਰ ਅਤੇ ਸਲੋਗਨ ਰਾਈਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੁਕਾਬਲੇ ਵਿੱਚ 30 ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਨੂੰ ਐੱਚ.ਆਈ.ਵੀ.ਦੇ ਸੰਕਰਮਣ ਦੇ ਖਤਰਿਆਂ, ਰੋਕਥਾਮ ਦੇ ਉਪਾਅ ਕਰਨ ਦੀ ਮਹੱਤਤਾ ਅਤੇ ਇਸ ਦਿਨ ਨੂੰ ਮਨਾਉਣ ਦੀ ਮਹੱਤਤਾ ਬਾਰੇ ਜਾਗ $2 ✝✪✱ਰੂਕ ਕੀਤਾ ਗਿਆ ਕਿਉਂਕਿ ਇਸ ਦਾ ਉਦੇਸ਼ ਐੱਚ.ਆਈ.ਵੀ./ਏਡਜ਼,ਟੀ.ਬੀ. ਬਾਰੇ ਜਾਗਰੂਕਤਾ ਪੈਦਾ ਕਰਨਾ ਹੈ ਅਤੇ ਕਾਲਜ ਪ੍ਰਿੰਸੀਪਲ ਡਾ.ਸਵਿੰਦਰ ਪਾਲ ਨੇ ਇਸ ਸਮਾਗਮ ਦੇ ਆਯੋਜਨ ਲਈ ਇੰਚਾਰਜ ਸ਼੍ਰੀਮਤੀ ਪ੍ਰਿਅੰਕਾ,ਸ਼੍ਰੀਮਤੀ ਤੁਨੀਸ਼ ਕੌਰ ਦੁਆਰਾ ਕੀਤੇ ਗਏ ਯਤਨਾਂ ਦੀ ਸ਼ਲਾਘਾ ਕੀਤੀ।

# ਖਰੜ ਦੇ ਨਾਲ ਲੱਗਦੇ ਪਿੰਡਾਂ ਦੀਆਂ ਸੜਕਾਂ ਦੀ ਹਾਲਤ ਹੋਈ ਖਸਤਾ,ਰਾਹਗਿਰ ਪ੍ਰੇਸ਼ਾਨ



ਖਰੜ, (ਕਾਲਾਂ ਸਿੰਘ ਸੈਣੀ )-ਖਰੜ ਸ਼ਿਹਰ ਦੇ ਨਾਲ ਲੱਗਦੇਂ ਪਿੰਡ ਰੁੜਕੀ ਪੁਖਤਾ-ਸਿੰਬਲ ਮਾਜਰਾ-ਪੀਰ ਸੁਹਾਣਾ ਸਮੇਤ ਹੋਰ ਕਈ ਪਿੰਡਾਂ ਨੂੰ ਆਪਸ ਵਿਚ ਜੋੜਨ ਵਾਲੀਂ ਲਿੰਕ ਸੜਕ ਦੀ ਹਾਲਤ ਬੇਹੱਦ ਖਸਤਾ ਹੋ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਾਬਕਾ ਬਲਾਕ ਸੰਮਤੀ ਮੈਂਬਰ ਚਰਨਜੀਤ ਸਿੰਘ ਢੀਂਡਸਾ, ਜਗਦੀਪ ਸਿੰਘ ਢੀਂਡਸਾ, ਗੁਰਮੀਤ ਸਿੰਘ ਸੁਖਰਾਮ ਸਿੰਘ, ਗੁਰਮੁੱਖ ਸਿੰਘ, ਸਵਰਨ ਸਿੰਘ ਨੇ ਦੱਸਿਆ ਕਿ ਇਹ ਸੜਕ ਪਿੰਡ ਸਿੰਬਲ ਮਾਜਰਾ, ਪੀਰ ਸੁਹਾਣਾ ਸਮੇਤ ਦਰਜਨਾਂ ਪਿੰਡਾਂ ਨੂੰ ਨੈਸ਼ਨਲ ਹਾਈਵੇ ਨਾਲ ਜੋੜਦੀ ਹੈ ਅਤੇ ਇਸ ਸੜਕ 'ਤੇ ਹੋਰਨਾਂ ਪਿੰਡਾਂ ਦੇ ਕਿਸਾਨਾਂ ਦਾ ਵੀ ਦਿਨ ਰਾਤ ਆਉਣਾ ਜਾਣਾ ਰਹਿੰਦਾ ਹੈ। ਉਨ੍ਹਾਂ ਦੱਸਿਆ ਕਿ ਇਸ ਸੜਕ ਤੇ ਆਪੋ ਆਪਣੇ ਦਫਤਰ ਜਾਣ ਵਾਲਿਆਂ ਦੇ ਨਾਲ-ਨਾਲ ਵੱਡੀ ਗਿਣਤੀ ਵਿਚ ਵਿਦਿਆਰਥੀ ਆਉਣਾ ਜਾਣਾ ਰਹਿੰਦਾ ਹੈ। ਪਰ ਇਸ ਸੜਕ 'ਤੇ ਐਨੇ ਵੱਡੇ-ਵੱਡੇ ਟੋਏ ਪਏ ਹਨ ਕਿ ਹਰ ਰੋਜ ਕਿਸੇ ਨਾ ਕਿਸੇ ਵਾਹਨ ਦਾ ਨੁਕਸਾਨ ਹੁੰਦਾ ਹੈ ਅਤੇ ਦੋ-ਪਹੀਆ ਵਾਹਨਾਂ ਦਾ ਵੀ ਚੱਲਣਾ ਮੁਸ਼ਕਿਲ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਸੜਕ ਦੇ ਹੇਠ ਤੋਂ ਹੁਣ ਪੱਥਰ ਨਿਕਲ ਆਏ ਹਨ ਜਿਸ ਕਾਰਨ ਰੋਜਾਨਾਂ ਵਾਹਨਾਂ ਦੇ ਟਾਇਰ ਖਰਾਬ ਹੋ ਰਹੇ ਹਨ ਅਤੇ ਸੜਕ 'ਤੇ ਮਿੱਟੀ ਧੂੜ ਆਮ ਹੀ ਉੱਡਦੀ ਦਿਖਾਈ ਦਿੰਦੀ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਸੜਕ ਨੂੰ ਜਲਦ ਤੋਂ ਜਲਦ ਬਣਾਇਆ ਜਾਵੇ ਤਾਂ ਜੋ ਆਮ ਲੋਕਾਂ ਨੂੰ ਆਉਣ ਜਾਣ ਵਿਚ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

# ਕਾਨਪੁਰ ਵਿੱਚ ਨਾਇਕ ਦੁੱਲਾ ਭੱਟੀ ਦੀ ਕਹਾਣੀ ਨਾਲ ਲੋਹੜੀ ਦਾ ਤਿਉਹਾਰ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ

ਕਾਨਪੁਰ।(ਸੁਨੀਲ ਬਾਜਪਾਈ) ਅੱਜ ਸੋਮਵਾਰ ਨੂੰ ਲੋਹੜੀ ਦਾ ਪਵਿੱਤਰ ਤਿਉਹਾਰ ਬਹੁਤ ਖੁਸ਼ੀ ਅਤੇ ਸ਼ਰਧਾ ਨਾਲ ਮਨਾਇਆ ਗਿਆ।

ਲੋਹੜੀ ਦੇ ਇਸ ਸ਼ੁਭ ਮੌਕੇ ਤੇ, ਸੁੰਦਰ ਮੁੰਡਾਰੀਆ, ਹੋ, ਤੁਹਾਡਾ ਵਿਚਾਰ ਕੌਣ ਹੈ, ਹੋ, ਦੁੱਲਾ ਭੱਟੀ ਵਾਲਾ, ਹੋ, ਲਾੜੇ ਨੇ ਮੇਰਾ ਵਿਆਹ ਕੀਤਾ, ਹੋ, ਮੈਨੂੰ ਇੱਕ ਕਿਲੋ ਖੰਡ ਮਿਲੀ, ਹੋ, ਕੁੜੀ ਦਾ ਲਾਲ ਪਟਾਕਾ, ਹੋ, ਕੁੜੀ ਦਾ ਸ਼ਾਲੂ ਪਤਾ, ਹੋ ਤੇਰਾ ਜੀਵੇ ਅੰਕਲ, ਸਾਨੂ ਦੇ ਲੋਹੜੀ, ਤੇਰੀ ਜੀਵੇ ਜੋੜੀ...: ਲੋਹੜੀ ਦੇ ਗਾਣੇ ਦੀ ਗੂੰਜ ਪੂਰੇ ਜ਼ਿਲ੍ਹੇ ਵਿੱਚ ਸੁਣਾਈ ਦਿੱਤੀ।



ਇਸ ਮੌਕੇ ਸਿੱਖ ਭਾਈਚਾਰੇ ਦੇ ਲੋਕਾਂ ਨੇ ਆਪਣੇ ਘਰਾਂ ਵਿੱਚ ਰਵਾਇਤੀ ਗੀਤੀ-ਰਿਵਾਜਾਂ ਨਾਲ ਲੋਹੜੀ ਮਨਾਈ। ਇਸ ਦੌਰਾਨ ਉਨ੍ਹਾਂ ਨੇ ਪਵਿੱਤਰ ਅੱਗ ਬਾਲੀ, ਇਸਦੇ ਦੁਆਲੇ ਚੱਕਰ ਲਗਾਏ ਅਤੇ ਸੁੱਕੇ ਮੇਵੇ, ਮੂੰਗਫਲੀ, ਰੇਵੜੀ ਅਤੇ ਮੱਕੀ ਦੇ ਦਾਣਿਆਂ ਦਾ ਚੜ੍ਹਾਵਾ ਚੜ੍ਹਾਇਆ।

ਇਸ ਲੋਹੜੀ ਦੀ ਅੱਗ ਬਾਲਣ ਤੋਂ ਪਹਿਲਾਂ, ਲੋਕਾਂ ਨੇ ਆਪਣੇ ਪਰਿਵਾਰ ਅਤੇ ਦੇਸ਼ ਦੀ ਖੁਸ਼ੀ ਅਤੇ ਖੁਸ਼ਹਾਲੀ ਲਈ ਪ੍ਰਾਰਥਨਾ ਵੀ ਕੀਤੀ। ਔਰਤਾਂ ਅਤੇ ਕੁੜੀਆਂ ਨੇ ਅੱਗ ਦੁਆਲੇ ਨੱਚਣ ਅਤੇ ਗਾਉਣ ਦਾ ਪੂਰਾ ਆਨੰਦ ਮਾਣਿਆ।

ਇਸ ਮੌਕੇ ਤੇ, ਉਨ੍ਹਾਂ ਘਰਾਂ ਵਿੱਚ ਲੋਹੜੀ ਦਾ ਇੱਕ ਵਿਸ਼ੇਸ਼ ਜਸ਼ਨ ਮਨਾਇਆ ਗਿਆ ਜਿੱਥੇ ਨਵੀਂ ਦੁਲਹਨ ਆਈ ਅਤੇ ਪਹਿਲੇ ਬੱਚੇ ਦਾ ਜਨਮ ਹੋਇਆ। ਇਸ ਮੌਕੇ ਰਿਸ਼ਤੇਦਾਰਾਂ ਅਤੇ ਦੋਸਤਾਂ ਨੇ ਇੱਕ ਦੂਜੇ ਨੂੰ ਜੱਫੀ ਪਾ ਕੇ ਵਧਾਈਆਂ ਦਿੱਤੀਆਂ। ਇਸ ਦੇ ਨਾਲ ਹੀ, ਲੋਹੜੀ ਦੇ ਤਿਉਹਾਰ ਦੇ ਮੌਕੇ ਤੇ, ਸ਼ਰਧਾਲੂਆਂ ਨੇ ਪਨਲਾਲ ਘਾਟ ਸਮੇਤ ਸਾਰੇ ਗੰਗਾ ਘਾਟਾਂ ਤੇ ਧਾਰਮਿਕ ਡੁਬਕੀ ਲਗਾਈ।

ਲੋਹੜੀ ਦੇ ਸੰਬੰਧ ਵਿੱਚ, ਤੁਹਾਨੂੰ ਇਹ ਵੀ ਦੱਸ ਦੇਈਏ ਕਿ ਜਨਵਰੀ ਦੀਆਂ ਠੰਡੀਆਂ ਰਾਤਾਂ ਵਿੱਚ ਲੱਕੜ ਅਤੇ ਤਿਲਾਂ ਦੀ ਕੜਕਦੀ ਆਵਾਜ਼ ਦਾ ਮਤਲਬ ਹੈ ਕਿ ਲੋਹੜੀ ਦੇ ਤਿਉਹਾਰ ਦਾ ਆਗਮਨ ਫਸਲਾਂ ਦੀ ਬਿਜਾਈ ਅਤੇ ਵਾਢੀ ਨਾਲ ਜੁੜਿਆ ਹੋਇਆ ਹੈ।

ਭਾਵੇਂ ਇਹ ਪਵਿੱਤਰ ਤਿਉਹਾਰ ਮੂਲ ਰੂਪ ਵਿੱਚ ਪੰਜਾਬੀ ਭਾਈਚਾਰੇ ਨਾਲ ਜੁੜਿਆ ਹੋਇਆ ਹੈ, ਪਰ ਇਹ ਤਿਉਹਾਰ ਸਾਡੇ ਵਿਭਿੰਨਤਾ ਵਾਲੇ ਦੇਸ਼ ਦੇ ਹਰ ਪ੍ਰਾਂਤ ਵਿੱਚ ਬਹੁਤ ਧੂਮਧਾਮ ਨਾਲ ਮਨਾਇਆ ਜਾਂਦਾ ਹੈ।

ਇਸ ਪਵਿੱਤਰ ਲੋਹੜੀ ਦੇ ਪਿੱਛੇ ਦੀ ਪ੍ਰਸਿੱਧ ਕਹਾਣੀ ਦੇ ਅਨੁਸਾਰ, ਜੋ ਕਿ ਭਾਰਤ ਅਤੇ ਵਿਦੇਸ਼ਾਂ ਵਿੱਚ ਪ੍ਰਸਿੱਧ ਹੈ, ਦੁੱਲਾ ਭੱਟੀ ਨਾਮਕ ਇੱਕ ਪਾਤਰ ਬਾਰੇ ਇੱਕ ਦਿਲਚਸਪ ਇਤਿਹਾਸਕ ਤੱਥ ਇਸ ਕਹਾਣੀ ਨਾਲ ਜੁੜਿਆ ਹੋਇਆ ਹੈ।

ਕਿਹਾ ਜਾਂਦਾ ਹੈ ਕਿ ਪੁਰਾਣੇ ਸਮੇਂ ਵਿੱਚ ਸੁੰਦਰ ਅਤੇ ਮੁੰਦਰ ਨਾਮ ਦੀਆਂ ਦੋ ਅਨਾਥ ਕੁੜੀਆਂ ਸਨ। ਉਨ੍ਹਾਂ ਦੇ ਚਾਚੇ ਨੇ ਉਨ੍ਹਾਂ ਕੁੜੀਆਂ ਨੂੰ ਰਾਜ ਦੇ ਸ਼ਕਤੀਸ਼ਾਲੀ ਰਾਜਪਾਲ ਦੇ ਹਵਾਲੇ ਕਰ ਦਿੱਤਾ ਸੀ ਤਾਂ ਜੋ ਉਸਦੀ ਮਿਹਰ ਪ੍ਰਾਪਤ ਕੀਤੀ ਜਾ ਸਕੇ। ਉਸੇ ਰਿਆਸਤ ਵਿੱਚ ਦੁੱਲਾ ਭੱਟੀ ਨਾਮ ਦਾ ਇੱਕ ਮਸ਼ਹੂਰ ਡਾਕੂ ਰਹਿੰਦਾ ਸੀ। ਜੋ ਅਮੀਰਾਂ ਅਤੇ ਭ੍ਰਿਸ਼ਟਾਂ ਤੋਂ ਪੈਸਾ ਲੁੱਟ ਕੇ ਗਰੀਬਾਂ ਦੀ ਮਦਦ ਕਰਦਾ ਸੀ। ਜਦੋਂ ਉਸਨੂੰ ਇਸ ਬਾਰੇ ਪਤਾ ਲੱਗਾ, ਤਾਂ ਉਸਨੇ ਦੋਵੇਂ ਕੁੜੀਆਂ ਨੂੰ ਆਜ਼ਾਦ ਕਰ ਦਿੱਤਾ, ਅਤੇ ਦੋ ਚੰਗੇ ਮੁੰਡੇ ਲੱਭਣ ਤੋਂ ਬਾਅਦ, ਉਸਨੇ ਖੁਦ, ਇੱਕ ਪਿਤਾ ਦੇ ਤੌਰ ਤੇ, ਕੁੜੀਆਂ ਦਾ ਵਿਆਹ ਕਰ ਦਿੱਤਾ। ਇਸ ਲਈ, ਉਸਨੇ ਨੇੜਿਓਂ ਲੱਕੜਾਂ ਇਕੱਠੀਆਂ ਕੀਤੀਆਂ ਅਤੇ ਅੱਗ ਬਾਲੀ ਅਤੇ ਫਲਾਂ ਅਤੇ ਮਠਿਆਈਆਂ ਦੀ ਬਜਾਏ, ਉਸਨੇ ਰੇਵੜੀ ਅਤੇ ਮੱਕੀ ਵਰਗੀਆਂ ਚੀਜ਼ਾਂ ਦੀ ਵਰਤੋਂ ਕੀਤੀ। ਉਸ ਸਮੇਂ ਤੋਂ ਇਹ ਤਿਉਹਾਰ ਦੁੱਲਾ ਭੱਟੀ ਦੀ ਯਾਦ ਵਿੱਚ ਮਨਾਇਆ ਜਾਣ ਲੱਗਾ। ਇਹ ਨਾਮ ਅਜੇ ਵੀ ਲੋਹੜੀ ਦੇ ਲੋਕ ਗੀਤਾਂ ਵਿੱਚ ਲਿਆ ਜਾਂਦਾ ਹੈ ਅਤੇ ਉਸਨੂੰ ਅਜੇ ਵੀ ਇੱਕ ਨਾਇਕ ਵਜੋਂ ਯਾਦ ਕੀਤਾ ਜਾਂਦਾ ਹੈ।

# ਸੰਘਣੀ ਧੁੰਦ ਵਿੱਚ ਹਾਦਸਿਆਂ ਤੋਂ ਬਚਾਅ ਲਈ ਰੋਟਰੀ ਕਲੱਬ ਖਰੜ ਵੱਲੋਂ ਵਾਹਨਾਂ ਤੇ ਲਗਾਏ ਰਿਫਲੈਕਟਰ



ਖਰੜ, (ਕਾਲਾਂ ਸੰਘ ਸੈਣੀ )- ਰੋਟਰੀ ਕਲੱਬ ਖਰੜ ਵੱਲੋਂ ਸੰਘਣੀ ਧੁੰਦ ਦੇ ਚਲਦਿਆਂ ਵਾਹਨਾਂ ਤੇ ਰਿਫਲੈਕਟਰ ਲਗਾਉਣ ਦੇ ਮੁਹਿਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਐਸ.ਡੀ.ਐਮ. ਖਰੜ ਗੁਰਮੰਦਰ ਸਿੰਘ ਵੱਲੋਂ ਵਿਸ਼ੇਸ਼ ਤੌਰ ਤੇ ਪਹੁੰਚ ਕਿ ਇਸ ਮੁਹਿਮ ਦੀ ਸ਼ੁਰੂਆਤ ਕੀਤੀ ਅਤੇ ਵਾਹਨਾਂ ਤੇ ਰਿਫਲੈਕਟਰ ਵੀ ਲਗਾਏ। ਇਸ ਮੌਕੇ ਟਰੈਫਿਕ ਮੁਲਾਜ਼ਮਾਂ ਤੋਂ ਇਲਾਵਾ ਕਲੱਬ ਦੇ ਅਹੁਦੇਦਾਰ ਮਨਮੋਹਨ ਸਿੰਘ, ਰੋਟਰੀ ਕਲੱਬ ਦੇ ਪ੍ਰਧਾਨ ਗੁਰਪ੍ਰੀਤ ਸਿੰਘ, ਸੈਕਟਰੀ ਪਰਵਿੰਦਰ ਸਿੰਘ ਸੈਣੀ, ਗਿਆਨ ਸਿੰਘ ਥਿੰਦ, ਐਡਵੋਕੇਟ ਵਿਕਾਸ ਸ਼ੁਕਲਾ, ਐਡਵੋਕੇਟ ਜਸਕਰਨ ਟਿਵਾਣਾ, ਸਿਮਰਨ ਲਹਿਲ, ਸਾਹਿਲ ਪੁਰੀ,ਕੁਲਦੀਪ ਸਿੰਘ ਹੀਰਾ, ਕਮਲਦੀਪ ਸਿੰਘ ਟਿਵਾਣਾ, ਹਰਦੀਪ ਸਿੰਘ ਚੰਦ, ਸੁਖਵਿੰਦਰ ਸਿੰਘ ਲੌਂਗੀਆ, ਮਾਈਕਲ ਅਰੋੜਾ, ਦਰਸ਼ਨ ਸਿੰਘ, ਪ੍ਰਿਤਪਾਲ ਸਿੰਘ ਸਮੇਤ ਟ੍ਰੈਫਿਕ ਪੁਲਸ ਖਰੜ ਦੇ ਕਰਮਚਾਰੀ ਹਾਜ਼ਰ ਸਨ।

# ਸਿਹਤ ਵਿਭਾਗ ਨੇ ਧੀਆਂ ਦੀ ਲੋਹੜੀ ਮਨਾਉਣ ਦਾ ਦਿੱਤਾ ਸੁਨੇਹਾ

ਸ਼ੇਰਪੁਰ,(ਲੋਕ ਬਾਣੀ) - ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਸਿਵਲ ਸਰਜਨ ਡਾ. ਅੰਜੂ ਸਿੰਗਲਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡਾ. ਜੀ ਐੱਸ ਭਿੰਡਰ ਦੀ ਅਗਵਾਈ ਹੇਠ ਬਲਾਕ ਫਤਿਹਗੜ੍ਹ ਪੰਜਗਰਾਈਆਂ ਵਿਖੇ ਲੋਹੜੀ ਮਨਾਈ ਗਈ। ਇਸ ਮੌਕੇ ਡਾ.ਜੀ ਐੱਸ ਭਿੰਡਰ ਨੇ ਕਿਹਾ ਕਿ ਮਰਦਮਸ਼ੁਮਾਰੀ ਅਨੁਸਾਰ ਪ੍ਰਤੀ ਮਰਦਾਂ ਦੇ ਮਹਿਲਾਵਾਂ ਦੀ ਗਿਣਤੀ ਦਾ ਘਟ ਅਨੁਪਾਤ, ਇੱਕ ਗੰਭੀਰ ਚਿੰਤਨ ਦਾ ਵਿਸ਼ਾ ਹੈ। ਸਮਾਜਕ ਜਥੇਬੰਦੀਆਂ ਅਤੇ ਖ਼ਾਸ ਕਰ ਨੌਜਵਾਨ ਪੀੜ੍ਹੀ ਨੂੰ ਅੱਗੇ ਹੋ ਕੇ ਧੀਆਂ ਦੀ ਸਮਾਜ ਵਿੱਚ ਮਹੱਤਤਾ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਹੈ। ਇਸ ਮੌਕੇ ਬਲਾਕ ਐਜੂਕੇਟਰ ਹਰਪ੍ਰੀਤ ਕੌਰ ਅਤੇ ਮੀਡੀਆ ਕੋਆਰਡੀਨੇਟਰ ਰਾਜੇਸ਼ ਰਿਖੀ ਨੇ ਦੱਸਿਆ ਕਿ ਲਿੰਗ ਅਨੁਪਾਤ ਵਿਚਲੇ ਪਾੜੇ ਨੂੰ ਖ਼ਤਮ ਕਰਨ ਦੇ ਮੰਤਵ ਵਜੋਂ ਸਿਹਤ ਵਿਭਾਗ ਵੱਲੋਂ ਬਾਲੜੀ ਰਕਸ਼ਕ ਯੋਜਨਾ, ਜਨਨੀ ਸ਼ਿਸ਼ੂ ਸੁਰੱਖਿਆ ਕਾਰਿਆਕ੍ਰਮ ਅਤੇ ਪੰਜ ਸਾਲ ਤੱਕ ਦੀਆਂ ਬੱਚੀਆਂ ਦੇ ਬਿਲਕੁਲ ਮੁਫ਼ਤ ਇਲਾਜ ਆਦਿ ਦੀਆਂ ਸੁਵਿਧਾਵਾਂ ਦਿੱਤੀਆਂ ਜਾ ਰਹੀਆਂ ਹਨ। ਧੀਆਂ ਦੀ ਲੋਹੜੀ ਮਨਾਉਣ ਦੇ ਰੁਝਾਨ ਨਾਲ ਲਿੰਗ ਭੇਦ-ਭਾਵ, ਭਰੂਣ ਹੱਤਿਆ ਅਤੇ ਦਹੇਜ ਪ੍ਰਥਾ ਵਰਗੀਆਂ ਕੁਰੀਤੀਆਂ ਨੂੰ ਜੜ੍ਹੋਂ ਖ਼ਤਮ ਕਰਨਾ ਸੌਖਾ ਹੋ ਜਾਵੇਗਾ । ਇਸ ਮੌਕੇ ਸਤਿੰਦਰ ਸਿੰਘ, ਹਰਭਜਨ ਸਿੰਘ, ਗੁਲਜ਼ਾਰ ਖਾਂ, ਜਗਸੀਰ ਸਿੰਘ,ਅਮਨਦੀਪ ਸਿੰਘ,ਜ਼ੁਲਫੀਕਾਰ ਅਲੀ, ਮੁਹੰਮਦ ਯਾਸੀਨ,ਅਮਨਦੀਪ ਕੌਰ ,ਚਰਨਜੀਤ ਕੌਰ, ਗੁਰਮੀਤ ਕੌਰ, ਗੁਰਵਿੰਦਰ ਕੌਰ ਸਮੂਹ ਸਟਾਫ ਅਤੇ ਆਮ ਲੋਕ ਹਾਜ਼ਰ ਰਹੇ।



# ਘੜੂੰਆਂ ਕਾਨੂੰਗੋਈ ਦੇ 35 ਪਿੰਡਾਂ ਨੂੰ ਵਿਧਾਨ ਸਭਾ ਹਲਕਾ ਖਰੜ ਨਾਲ ਜੋੜਿਆ ਜਾਵੇ: ਸਰਦਾਰਾ ਸੈਣੀ



ਖਰੜ, (ਕਾਲਾਂ ਸੰਘ ਸੈਣੀ )- ਖਰੜ ਸ਼ਹਿਰ ਦੇ ਬਿਲਕੁੱਲ ਨਜਦੀਕ ਪੈਂਦੇ ਘੜੂੰਆਂ ਕਾਨੂੰਗੋਈ ਦੇ 35 ਪਿੰਡਾਂ ਨੂੰ ਵਿਧਾਨ ਸਭਾ ਹਲਕਾ ਖਰੜ ਨਾਲ ਜੋੜਿਆ ਜਾਣਾ ਚਾਹੀਦਾ ਹੈ ਕਿਉਂਕਿ ਇਸ ਵਿਚ ਕਈ ਪਿੰਡ ਅਜਿਹੇ ਹਨ ਜੋ ਕਿ ਨਗਰ ਕੌਂਸਲ ਖਰੜ ਦੀ ਹਦੂਦ ਦੇ ਅੰਦਰ ਹੀ ਪੈਂਦੇ ਹਨ।ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਿਦਆਂ ਸਮਾਜ ਸੇਵੀ ਆਗੂ ਸਰਦਾਰਾਂ ਸੰਘ ਸੈਣੀ ਨੇ ਗੱਲਬਾਤ ਕਰਿਦਆਂ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਇਹ 35 ਪਿੰਡ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ ਵਿਚ ਪੈਂਦੇ ਹਨ ਅਤੇ ਹਲਕਾ ਸ੍ਰੀ ਚਮਕੌਰ ਸਾਹਿਬ ਕਾਫ਼ੀ ਵੱਡਾ ਹਲਕਾ ਹੈ ਜਿਸ ਕਾਰਨ ਇਨ੍ਹਾਂ 35 ਪਿੰਡਾਂ ਵੱਲ ਕਿਸੇ ਵੀ ਲੀਡਰ ਦਾ ਕੋਈ ਧਿਆਨ ਨਹੀਂ ਜਾਂਦਾ। ਉਨ੍ਹਾਂ ਦੱਸਿਆ ਕਿ ਘੜੂੰਆਂ ਕਾਨੂੰਗੋਈ ਦੇ 35 ਪਿੰਡ ਜਿਲ੍ਹਾ ਮੋਹਾਲੀ ਨਾਲ ਸਬੰਧ ਰੱਖਦੇ ਹਨ ਅਤੇ ਇਨ੍ਹਾਂ ਨੂੰ ਵਿਧਾਨ ਸਭਾ ਹਲਕਾ ਸ੍ਰੀ ਚਮਕੌਰ ਸਾਹਿਬ ਜੋ ਕਿ ਰੂਪਨਗਰ ਜਿਲ੍ਹੇ ਵਿਚ ਹੈ ਵਿਚੋਂ ਕੱਢ ਕੇ ਖਰੜ ਨਾਲ ਜੋੜਿਆ ਜਾਵੇ। ਤਾਂ ਜੋ ਇਨ੍ਹਾਂ ਪਿੰਡਾਂ ਦਾ ਸਰਵਪੱਖੀ ਵਿਕਾਸ ਹੋ ਸਕੇ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਮਯੰਕ ਫਾਊਂਡੇਸ਼ਨ ਨੇ ਦਿੱਲੀ ਪਬਲਿਕ ਸਕੂਲ, ਫਿਰੋਜ਼ਪੁਰ ਵਿਖੇ ਸੜਕ ਸੁਰੱਖਿਆ ਜਾਗਰੂਕਤਾ ਪ੍ਰੋਗਰਾਮ ਦਾ ਕੀਤਾ ਆਯੋਜਨ



ਫ਼ਿਰੋਜ਼ਪੁਰ (ਲੋਕ ਬਾਣੀ) - ਰਾਸ਼ਟਰੀ ਸੜਕ ਸੁਰੱਖਿਆ ਮਹੀਨੇ ਤਹਿਤ ਮਯੰਕ ਫਾਊਂਡੇਸ਼ਨ ਨੇ ਦਿੱਲੀ ਪਬਲਿਕ ਸਕੂਲ (ਡੀਪੀਐਸ) ਫਿਰੋਜ਼ਪੁਰ ਦੇ ਸਟਾਫ ਲਈ ਇੱਕ ਵਿਆਪਕ ਸੜਕ ਸੁਰੱਖਿਆ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਸਮਾਗਮ ਦਾ ਉਦੇਸ਼ ਸੜਕਾਂ ਤੇ ਸੁਰੱਖਿਆ ਅਤੇ ਜ਼ਿੰਮੇਵਾਰੀ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨਾ ਸੀ, ਜਿਸ ਵਿੱਚ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਅਤੇ ਹਰ ਸਮੇਂ ਸੁਰੱਖਿਆ ਨੂੰ ਪਹਿਲ ਦੇਣ ਦੀ ਮਹੱਤਤਾ ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਸੀ। ਇਸ ਇੰਟਰਐਕਟਿਵ ਸੈਸ਼ਨ ਵਿੱਚ ਸੜਕ ਸੁਰੱਖਿਆ ਦੇ ਮੁੱਖ ਪਹਿਲੂਆਂ ਨੂੰ ਸ਼ਾਮਲ ਕੀਤਾ ਗਿਆ, ਜਿਸ ਵਿੱਚ ਧਿਆਨ ਭਟਕਾਉਣ ਵਾਲੀ ਡਰਾਈਵਿੰਗ ਦੇ ਖ਼ਤਰੇ, ਪੈਦਲ ਯਾਤਰੀਆਂ ਦੀ ਸੁਰੱਖਿਆ ਅਤੇ ਟ੍ਰੈਫਿਕ ਕਾਨੂੰਨਾਂ ਦੀ ਪਾਲਣਾ ਕਰਨ ਦੀ ਮਹੱਤਤਾ ਸ਼ਾਮਲ ਹੈ। ਇਹ ਸੈਸ਼ਨ ਨਾ ਸਿਰਫ਼ ਜਾਣਕਾਰੀ ਭਰਪੂਰ ਸੀ ਸਗੋਂ ਬਹੁਤ ਦਿਲਚਸਪ ਵੀ ਸੀ, ਜਿਸ ਵਿੱਚ ਕਰਮਚਾਰੀਆਂ ਨੇ ਚਰਚਾਵਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਭਾਈਚਾਰੇ ਦੇ ਅੰਦਰ ਸੁਰੱਖਿਅਤ ਸੜਕ ਅਭਿਆਸਾਂ ਨੂੰ ਉਤਸ਼ਾਹਿਤ ਕਰਨ ਦਾ ਸੰਕਲਪ ਲਿਆ।

ਸੈਸ਼ਨ ਦੌਰਾਨ ਇੱਕ ਬਹੁਤ ਹੀ ਭਾਵੁਕ ਪਲ ਦੀਪਕ ਸ਼ਰਮਾ ਦੇ ਭਾਸ਼ਣ ਦੁਆਰਾ ਦਰਸਾਇਆ ਗਿਆ, ਜਿਨ੍ਹਾਂ ਨੇ ਸੱਤ ਸਾਲ ਪਹਿਲਾਂ ਆਪਣੇ ਪੁੱਤਰ ਦੇ ਘਾਤਕ ਹਾਦਸੇ ਦੀ ਦੁਖਦਾਈ ਕਹਾਣੀ ਸਾਂਝੀ ਕੀਤੀ। ਸ਼੍ਰੀ ਸ਼ਰਮਾ ਦੀ ਦਿਲੋਂ ਅਪੀਲ ਨੇ ਮਨੁੱਖੀ ਜੀਵਨ ਦੇ ਅਟੱਲ ਮੁੱਲ ਨੂੰ ਰੇਖਾਂਕਿਤ ਕੀਤਾ ਅਤੇ ਸਾਰਿਆਂ ਨੂੰ ਸੁਰੱਖਿਆ ਨੂੰ ਪਹਿਲੀ ਤਰਜੀਹ ਦੇਣ ਦਾ ਸੱਦਾ ਦਿੱਤਾ।

ਇਸ ਸਮਾਗਮ ਦੇ ਇੱਕ ਹੋਰ ਮੁੱਖ ਬੁਲਾਰੇ ਰਾਕੇਸ਼ ਕੁਮਾਰ ਨੇ ਗੱਡੀ ਚਲਾਉਂਦੇ ਸਮੇਂ ਹੈਲਮੇਟ ਅਤੇ ਸੀਟਬੈਲਟ ਪਹਿਨਣ ਵਰਗੇ ਬੁਨਿਆਦੀ ਸੁਰੱਖਿਆ ਉਪਾਵਾਂ ਦੀ ਮਹੱਤਤਾ ਤੇ ਜ਼ੋਰ ਦਿੱਤਾ। ਉਨ੍ਹਾਂ ਦੇ ਸੰਦੇਸ਼ ਨੇ ਹਾਦਸਿਆਂ ਨੂੰ ਰੋਕਣ ਅਤੇ ਜਾਨਾਂ ਬਚਾਉਣ ਵਿੱਚ ਇਹਨਾਂ ਅਭਿਆਸਾਂ ਦੀ ਮਹੱਤਵਪੂਰਨ ਭੂਮਿਕਾ ਨੂੰ ਹੋਰ ਮਜ਼ਬੂਤ ਕੀਤਾ। ਇਸ ਪ੍ਰੋਗਰਾਮ ਨੇ ਸਕੂਲ ਬੱਸ ਡਰਾਈਵਰਾਂ ਤੇ ਵੀ ਧਿਆਨ ਕੇਂਦਰਿਤ ਕੀਤਾ, ਜਿਨ੍ਹਾਂ ਨੂੰ ਸੜਕ ਤੇ ਵਿਦਿਆਰਥੀਆਂ ਦੀ ਸੁਰੱਖਿਆ ਲਈ ਸਭ ਤੋਂ ਵਧੀਆ ਅਭਿਆਸਾਂ ਨੂੰ ਅਪਣਾਉਣ ਲਈ ਉਤਸ਼ਾਹਿਤ ਕੀਤਾ ਗਿਆ।

ਫ਼ਿਰੋਜ਼ਪੁਰ ਪੁਲਿਸ ਟ੍ਰੈਫਿਕ ਲੈਕਚਰਾਰ ਲਖਵੀਰ ਸਿੰਘ ਗਿੱਲ ਨੇ ਸੈਸ਼ਨ ਦੌਰਾਨ ਕੀਮਤੀ ਜਾਣਕਾਰੀ ਪ੍ਰਦਾਨ ਕੀਤੀ, ਜਿਸ ਵਿੱਚ ਸੜਕ ਸੁਰੱਖਿਆ ਅਤੇ ਬੱਚਿਆਂ ਲਈ ਸੁਰੱਖਿਅਤ ਯਾਤਰਾ ਯਕੀਨੀ ਬਣਾਉਣ ਵਿੱਚ ਸਕੂਲ ਡਰਾਈਵਰਾਂ ਦੀ ਭੂਮਿਕਾ ਬਾਰੇ ਮਾਹਰ ਸਲਾਹ ਦਿੱਤੀ ਗਈ।

ਡੀਪੀਐਸ ਫਿਰੋਜ਼ਪੁਰ ਦੀ ਪ੍ਰਿੰਸੀਪਲ ਡਾ. ਲਤਾ ਤੇਜਪਾਲ ਨੇ ਅੱਖਾਂ ਖੋਲ੍ਹਣ ਵਾਲੇ ਸੈਸ਼ਨ ਦੇ ਆਯੋਜਨ ਲਈ ਮਯੰਕ ਫਾਊਂਡੇਸ਼ਨ ਟੀਮ ਦਾ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਸੜਕ ਸੁਰੱਖਿਆ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਫਾਊਂਡੇਸ਼ਨ ਦੀ ਸ਼ਲਾਘਾ ਕੀਤੀ ਅਤੇ ਜ਼ੋਰ ਦਿੱਤਾ ਕਿ ਬੱਚਿਆਂ ਅਤੇ ਬਾਲਗਾਂ ਦੋਵਾਂ ਨੂੰ ਸਿੱਖਿਅਤ ਕਰਨ ਲਈ ਅਜਿਹੇ ਉਪਰਾਲੇ ਕਿੰਨੇ ਮਹੱਤਵਪੂਰਨ ਹਨ। ਡਾ. ਤੇਜਪਾਲ ਨੇ ਟੀਮ ਦਾ ਉਨ੍ਹਾਂ ਦੇ ਯਤਨਾਂ ਲਈ ਧੰਨਵਾਦ ਕੀਤਾ ਅਤੇ ਇਸ ਗੱਲ ਤੇ ਚਾਨਣਾ ਪਾਇਆ ਕਿ ਇਸ ਸੈਸ਼ਨ ਦਾ ਸਕੂਲ ਭਾਈਚਾਰੇ ਤੇ ਸਥਾਈ ਪ੍ਰਭਾਵ ਕਿਵੇਂ ਪਵੇਗਾ। ਮਯੰਕ ਫਾਊਂਡੇਸ਼ਨ ਦੀ ਇਹ ਪਹਿਲ ਸੜਕ ਹਾਦਸਿਆਂ ਨੂੰ ਘਟਾਉਣ ਅਤੇ ਸਥਾਨਕ ਭਾਈਚਾਰਿਆਂ ਵਿੱਚ ਸੁਰੱਖਿਆ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਦੀ ਉਸਦੀ ਨਿਰੰਤਰ ਵਚਨਬੱਧਤਾ ਦਾ ਹਿੱਸਾ ਹੈ। ਇਨ੍ਹਾਂ ਯਤਨਾਂ ਰਾਹੀਂ, ਫਾਊਂਡੇਸ਼ਨ ਸਾਰਿਆਂ ਨੂੰ ਯਾਦ ਦਿਵਾਉਣਾ ਚਾਹੁੰਦੀ ਹੈ ਕਿ ਸੜਕ ਸੁਰੱਖਿਆ ਇੱਕ ਸਮੂਹਿਕ ਜ਼ਿੰਮੇਵਾਰੀ ਹੈ, ਜਿਸ ਲਈ ਵਿਅਕਤੀਆਂ, ਭਾਈਚਾਰਿਆਂ ਅਤੇ ਅਧਿਕਾਰੀਆਂ ਦੇ ਸਹਿਯੋਗ ਦੀ ਲੋੜ ਹੁੰਦੀ ਹੈ। ਇਸ ਮੌਕੇ ਡਾ. ਲਤਾ ਤੇਜਪਾਲ (ਸਕੂਲ ਪ੍ਰਿੰਸੀਪਲ), ਸ਼੍ਰੀਮਤੀ ਮਮਤਾ ਠੱਕਰ ਕੋਆਰਡੀਨੇਟਰ, ਚਿਤਰਾ ਖੰਡਕਾ, ਸ਼ਬਦੀਪ ਸਮਰਾ ਅਤੇ ਸਕੂਲ ਸਟਾਫ਼ ਅਤੇ ਮਯੰਕ ਫਾਊਂਡੇਸ਼ਨ ਟੀਮ ਮੌਜੂਦ ਸੀ।

# ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਸ਼ੇਰਪੁਰ ਵਿਖੇ ਨਵੇਂ ਖੇਤੀ ਖਰੜੇ ਦੀਆਂ ਕਾਪੀਆਂ ਫੂਕੀਆ



ਸ਼ੇਰਪੁਰ, (ਲੋਕ ਬਾਣੀ) - ਭਾਰਤੀ ਕਿਸਾਨ ਯੂਨੀਅਨਾਂ ਵੱਲੋਂ ਸੰਯੁਕਤ ਕਿਸਾਨ ਮੋਰਚਾ ਦੇ ਸੱਦੇ ਤੇ ਕੇਂਦਰ ਸਰਕਾਰ ਵੱਲੋਂ ਨਵੇਂ ਖੇਤੀ ਖਰੜੇ ਦੇ ਵਿਰੋਧ ਦੇ ਵਿੱਚ ਕਿਸਾਨ ਜਥੇਬੰਦੀਆਂ ਵੱਲੋਂ ਸਾਂਝੇ ਤੌਰ ਤੇ ਸਥਾਨਕ ਸਬ ਤਹਿਸੀਲ ਸ਼ੇਰਪੁਰ ਵਿਖੇ ਨਵੇਂ ਖੇਤੀ ਖਰੜੇ ਦੀਆਂ ਕਾਪੀਆਂ ਫੂਕੀਆਂ ਗਈਆਂ, ਨਾਲ ਹੀ 26 ਜਨਵਰੀ ਨੂੰ ਟਰੈਕਟਰ ਮਾਰਚ ਦੇ ਸੱਦੇ ਤੇ ਇਸਦੀ ਤਿਆਰੀ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ । ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ (ਬੁਰਜ ਗਿੱਲ) ਦੇ ਜਿਲਾ ਮੀਤ ਪ੍ਰਧਾਨ ਸ਼ਮਸ਼ੇਰ ਸਿੰਘ ਈਸਾਪੁਰ ਨੇ ਚੋਣਵੇਂ ਪੱਤਰਕਾਰਾਂ ਨੂੰ ਦੱਸਿਆ ਕਿ ਅਸੀਂ ਆਪਣੀਆਂ ਹੱਕੀ ਮੰਗਾਂ ਤੋਂ ਪਿੱਛੇ ਨਹੀਂ ਹਟਾਂਗੇ ਅਤੇ ਬਾਪੂ ਡੱਲੇਵਾਲ ਦੀ ਜ਼ਿੰਦਗੀ ਲਈ ਕਿਸੇ ਨਾਲ ਸਮਝੌਤਾ ਨਹੀਂ ਕਰਾਂਗੇ। ਇਸ ਮੌਕੇ ਉਗਰਾਹਾਂ ਬਲਾਕ ਪ੍ਰਧਾਨ ਮਲਕੀਤ ਸਿੰਘ ਹੇੜੀਕੇ , ਬਲਾਕ ਜਨਰਲ ਸਕੱਤਰ ਬਲਵਿੰਦਰ ਸਿੰਘ ਕਾਲਾ ਬੂਲਾ , ਬਲਾਕ ਸੀਨੀਅਰ ਮੀਤ ਪ੍ਰਧਾਨ ਨਾਜਰ ਸਿੰਘ ਠੁੱਲੀਵਾਲ, ਗੁਰਪ੍ਰੀਤ ਸਿੰਘ ਛੰਨਾ ਬਲਵੰਤ ਸਿੰਘ ਛੰਨਾ ,ਕਰਮਜੀਤ ਸਿੰਘ ਗੰਡੇਵਾਲ ,ਗੁਰਮੁਖ ਸਿੰਘ ਸ਼ੇਰਪੁਰ ਬਲਾਕ ਆਗੂ ਅਮਨਦੀਪ ਸਿੰਘ ਸੁਲਤਾਨਪੁਰ ਬਲਾਕ ਆਗੂ ਜੱਗੀ ਅਲੀਪੁਰ ਅਤੇ ਵੱਡੀ ਗਿਣਤੀ ਕਿਸਾਨਾਂ ਨੇ ਅੱਜ 13 ਜਨਵਰੀ ਨੂੰ ਲੋਹੜੀ ਵਾਲੇ ਦਿਨ ਨਵੇਂ ਖੇਤੀ ਖਰੜੇ ਦੀਆਂ ਕਾਪੀਆਂ ਫੂਕੀਆਂ ।

# 66 ਕੂਕਾ ਸਿੱਖ ਸ਼ਹੀਦਾਂ ਦੀ ਯਾਦ ਵਿੱਚ ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਸ਼ਰਧਾਂਜਲੀ ਸਮਾਗਮ ਦੇ ਅਗੇਤੇ ਪ੍ਰਬੰਧਾਂ ਦਾ ਏ.ਡੀ.ਸੀ ਨੇ ਲਿਆ ਜਾਇਜ਼ਾ

ਮਾਲੇਰਕੋਟਲਾ : (ਕਿਮੀ ਅਰੋੜਾ,ਅਸਲਮ ਨਾਜ਼)

ਹਰ ਸਾਲ ਦੀ ਤਰ੍ਹਾਂ 66 ਕੂਕਾ ਸਿੱਖ ਸ਼ਹੀਦਾਂ ਦੀ ਯਾਦ ਵਿੱਚ ਪੰਜਾਬ ਸਰਕਾਰ ਵੱਲੋਂ ਰਾਜ ਪੱਧਰੀ ਸ਼ਹੀਦੀ ਸਮਾਗਮ ਦਾ ਆਯੋਜਨ ਮਿਤੀ 17 ਜਨਵਰੀ,2025 ਨੂੰ ਸਥਾਨਕ ਨਾਮਧਾਰੀ ਸ਼ਹੀਦੀ ਸਮਾਰਕ ਵਿਖੇ ਕਰਵਾਇਆ ਜਾ ਰਿਹਾ ਹੈ। ਸਮਾਗਮ ਦੀ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਨੇ ਸਮਾਰਕ ਵਾਲੇ ਸਥਾਨ ਦਾ ਦੌਰਾ ਕੀਤਾ ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 66ਸਿੱਖ ਕੂਕਾ ਸ਼ਹੀਦਾਂ ਦੀ ਯਾਦ ਵਿੱਚ ਕਰਵਾਏ ਜਾ ਰਹੇ ਇਸ ਰਾਜ ਪੱਧਰੀ ਸਮਾਗਮ ਸ਼ਰਧਾਂਲੀ ਸਮਾਰੋਹ ਮੌਕੇ ਸ਼ਰਧਾਂਲੀ ਭੇਟ ਕਰਨ ਲਈ ਮਾਲ ਤੇ ਮੁੜ ਵਸੇਬਾ ਤੇ ਆਫਤ ਪ੍ਰਬੰਧਨ,ਜਲ ਸਪਲਾਈ ਤੇ ਸੈਨੀਟੇਸ਼ਨ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਪੰਜਾਬ ਸ੍ਰੀ ਹਰਦੀਪ ਸਿੰਘ ਮੁੰਡੀਆਂ ਸਮੇਤ ਵਿਧਾਇਕ ਅਤੇ ਹੋਰ ਪ੍ਰਮੁੱਖ ਸਖ਼ਸੀਅਤਾਂ ਪਹੁੰਚ ਰਹੀਆਂ ਹਨ ।

ਉਨ੍ਹਾਂ ਹੋਰ ਦੱਸਿਆ ਕਿ ਇਸ ਸੰਬੰਧੀ ਨਾਮਧਾਰੀ ਟਰੱਸਟ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਧਾਲੂਆਂ ਦੀ ਸਹੂਲਤ ਲਈ ਪੁਖੱਤਾ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਕਿਸੇ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪੇਸ਼ ਨਾ ਆਵੇ । ਉਨ੍ਹਾਂ ਦੱਸਿਆ ਕਿ ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਦੇ ਪਹੁੰਚਣ ਅਤੇ ਨਤਮਸਤਕ ਹੋਣ ਦੀ ਉਮੀਦ ਹੈ।



ਉਨ੍ਹਾਂ ਤਿਆਰੀਆਂ ਸੰਬੰਧੀ ਜਾਣਕਾਰੀ ਹਾਸ਼ਲ ਕਰਦਿਆ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆ ਅਤੇ ਕਿਹਾ ਕਿ ਸਮੁੱਚੇ ਕਾਰਜਾਂ ਨੂੰ ਸਮਾਂਬੱਧ ਢੰਗ ਨਾਲ ਨੇਪਰੇ ਚੜ੍ਹਾਉਣ ਨੂੰ ਯਕੀਨੀ ਬਣਾਇਆ ਜਾਵੇ। ਕਾਰਜ ਸਾਧਕ ਅਫ਼ਸਰ ਮਾਲੇਰਕੋਟਲਾ ਨੂੰ ਸਮਾਰਕ ਵਾਲੇ ਸਥਾਨ ਅਤੇ ਇਸ ਦੇ ਆਲੇ ਦੁਆਲੇ ਦੀ ਸਫਾਈ ਨੂੰ ਸਕੀਨੀ ਬਣਾਉਣ ਲਈ ਆਦੇਸ਼ ਦਿੱਤੇ । ਉਨ੍ਹਾਂ ਸਮਾਰਕ ਦੇ ਪ੍ਰਬੰਧਕਾਂ ਨੂੰ ਸਰਧਾਲੂਆਂ ਦੀ ਸੁਰੱਖਿਆ ਅਤੇ ਨਿਰਵਿਘਨ ਆਵਾਜਾਈ ਦੇ ਪੁਖੱਤਾ ਪ੍ਰਬੰਧ ਦਾ ਭਰੋਸਾ ਵੀ ਦਿੱਤਾ । ਉਨ੍ਹਾਂ ਸ਼ਮੂਲੀਅਤ ਕਰਨ ਵਾਲੀ ਸੰਗਤ ਨੂੰ ਅਪੀਲ ਕੀਤੀ ਕਿ ਉਹ ਪੁਲਿਸ ਨੂੰ ਸਹਿਯੋਗ ਕਰਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਦਰਪੇਸ਼ ਨਾ ਆਵੇ। ਇਸ ਮੌਕੇ ਕਾਰਜ ਸਾਧਕ ਅਫ਼ਸਰ ਅਪਰਅਪਾਰ ਸਿੰਘ, ਸਹਾਇਕ ਲੋਕ ਸੰਪਰਕ ਅਫ਼ਸਰ ਦੀਪਕ ਕਪੂਰ, ਸ੍ਰੀ ਗੁਰਸੇਵਕ ਸਿੰਘ ਨਾਮਧਾਰੀ, ਸੈਨੇਟਰੀ ਇੰਸਪੈਕਟਰ ਗੁਰਇੰਦਰ ਸਿੰਘ, ਸੈਨੇਟਰੀ ਸੁਪਰਵਾਇਜ਼ਰ ਪਰਮਜੀਤ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ 9

# ਐਨਆਰਆਈ ਸੁਦਰਸ਼ਨ ਗਰਗ ਨੇ ਬੱਚਿਆਂ ਨੂੰ ਲੋਹੜੀ ਵੰਡੀ



ਚੰਡੀਗੜ੍ਹ। (ਲੋਕ ਬਾਣੀ) ਮਹਾਰੀ ਦਯਾਨੰਦ ਪਬਲਿਕ ਸਕੂਲ, ਐਮਡੀਏਵੀ ਭਵਨ ਦਰਿਆ, ਚੰਡੀਗੜ੍ਹ ਨੇ ਲੋਹੜੀ ਦਾ ਤਿਉਹਾਰ ਬਹੁਤ ਧੂਮਧਾਮ ਨਾਲ ਮਨਾਇਆ। ਸਕੂਲ ਦੇ ਵਿਹੜੇ ਵਿੱਚ ਅੱਗ ਬਾਲੀ ਗਈ ਅਤੇ ਮੂੰਗਫਲੀ, ਰੇਵੜੀ ਅਤੇ ਗਜਕ ਚੜ੍ਹਾ ਕੇ ਪੂਜਾ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ, ਅਧਿਆਪਕਾਂ ਅਤੇ ਮਹਿਮਾਨਾਂ ਨੇ ਲੋਹੜੀ ਦੇ ਗੀਤਾਂ ਤੇ ਨੱਚਿਆ ਵੀ। ਸ਼ਿਕਾਗੋ ਤੋਂ ਆਏ ਐਨਆਰਆਈ ਸੁਦਰਸ਼ਨ ਗਰਗ ਨੇ ਸਕੂਲ ਦੇ ਸਾਰੇ ਵਿਦਿਆਰਥੀਆਂ ਨੂੰ ਮੂੰਗਫਲੀ, ਰੇਵੜੀ ਅਤੇ ਗਜਕ ਦੇ ਪੈਕੇਟ ਵੰਡੇ। ਐਨ.ਆਰ.ਆਈ. ਗਰਗ ਨੇ ਸਾਰਿਆਂ ਨੂੰ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਸਕੂਲ ਦੀ ਵਾਈਸ ਪ੍ਰਿੰਸੀਪਲ ਅੰਜੂ ਮੋਦਗਿਲ ਨੇ ਲੋਹੜੀ ਤੇ ਵਿਦਿਆਰਥੀਆਂ ਨੂੰ ਤੋਹਫ਼ੇ ਭੇਟ ਕਰਨ ਲਈ ਐਨਆਰਆਈ ਗਰਗ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਦੀ ਲੰਬੀ ਉਮਰ ਦੀ ਕਾਮਨਾ ਕੀਤੀ।

# *ਚਾਈਨਾ ਡੋਰ ਵੇਚਣ ਵਾਲਿਆਂ ਤੇ ਹੋਵੇਗੀ ਸਖਤ ਕਾਰਵਾਈ*

ਜਲੰਧਰ, (ਲੋਕ ਬਾਣੀ)

ਚਾਈਨਾ ਡੋਰ ਤੇ ਪੂਰਨ ਪਾਬੰਦੀ ਲਗਾਉਣ ਲਈ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਖੇਤਰੀ ਦਫ਼ਤਰ ਜਲੰਧਰ ਵਲੋਂ ਅੱਜ ਦੁਕਾਨਾਂ ਤੇ ਛਾਪੇਮਾਰੀ ਕੀਤੀ ਗਈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਖੇਤਰੀ ਦਫ਼ਤਰ ਜਲੰਧਰ ਦੇ ਐਕਸੀਅਨ ਸੰਦੀਪ ਸਿੰਘ ਨੇ ਦੱਸਿਆ ਕਿ ਪਾਬੰਦੀਸ਼ੁਦਾ ਡੋਰ ਦੀ ਜਾਂਚ ਕਰਨ ਲਈ ਖੇਤਰੀ ਦਫ਼ਤਰ ਵਲੋਂ ਚੈਕਿੰਗ ਮੁਹਿੰਮ ਸ਼ੁਰੂ ਕਰ ਦਿੱਤੀ ਗਈ ਹੈ, ਤਾਂ ਜੋ ਇਸ ਡੋਰ ਦੀ ਵਰਤੋਂ ਨੂੰ ਠੱਲ੍ਹ ਪਾਈ ਜਾ ਸਕੇ।

ਉਨ੍ਹਾਂ ਦੱਸਿਆ ਕਿ ਸਰਕਾਰ ਵਲੋਂ ਚਾਈਨਾ ਡੋਰ ਤੇ ਪਾਬੰਦੀ ਲਗਾਈ ਗਈ ਹੈ। ਇਸ ਪਾਬੰਦੀ ਦੇ ਬਾਵਜੂਦ ਇਸ ਡੋਰ ਨੂੰ ਵੇਚਣ ਵਾਲਿਆਂ ਖ਼ਿਲਾਫ਼ 10 ਹਜ਼ਾਰ ਰੁਪਏ ਤੋਂ ਲੈ ਕੇ 15 ਲੱਖ ਰੁਪਏ ਤੱਕ ਦਾ ਜੁਰਮਾਨਾ ਲਗਾਇਆ ਜਾ ਸਕਦਾ ਹੈ। ਇਸ ਤੋਂ ਇਲਾਵਾ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਵਲੋਂ ਚਾਈਨਾ ਡੋਰ ਵੇਚਣ ਵਾਲੇ ਵਿਅਕਤੀਆਂ ਬਾਰੇ ਸੂਚਨਾ ਦੇਣ ਵਾਲੇ ਵਿਅਕਤੀ ਨੂੰ 25 ਹਜ਼ਾਰ ਰੁਪਏ ਦਾ ਇਨਾਮ ਦੇਣ ਦੀ ਘੋਸ਼ਣਾ ਵੀ ਕੀਤੀ ਗਈ ਹੈ।

ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਵਿਆਕਤੀ ਜਾਂ ਦੁਕਾਨਦਾਰ ਚਾਈਨਾ ਡੋਰ/ਸਿੰਥੈਟਿਕ ਮਟੀਰੀਅਲ ਤੋਂ ਬਣੀ ਡੋਰ ਵੇਚਦਾ ਹੈ ਤਾਂ ਬੋਰਡ ਦੇ ਖੇਤਰੀ ਦਫਤਰ-1, ਜਲੰਧਰ ਦੇ ਮੋਬਾਇਲ ਨੰਬਰ 98789-420 33 ਜਾਂ ਬੋਰਡ ਦੇ ਟੋਲ ਫਰੀ ਨੰਬਰ 1800180 2810 ਉਤੇ ਸੂਚਨਾ ਦੇਕੇ ਬੋਰਡ ਵਲੋਂ ਘੋਸ਼ਿਤ ਇਨਾਮੀ ਰਾਸ਼ੀ ਪ੍ਰਾਪਤ ਕੀਤੀ ਜਾ ਸਕਦੀ ਹੈ।

ਰੋਜ਼ਾਨਾ ਲੋਕ ਬਾਣੀ
www.lokbani

ਉਨ੍ਹਾਂ ਦੱਸਿਆ ਕਿ ਬੋਰਡ ਦੇ ਖੇਤਰੀ ਦਫ਼ਤਰ ਵਲੋਂ ਚਾਈਨਾ ਡੋਰ ਦੀ ਵਰਤੋਂ, ਸੇਲ ਅਤੇ ਸਟਾਕ ਨੂੰ ਰੋਕਣ ਸਬੰਧੀ ਅੱਜ ਸ਼ਹਿਰ ਅਤੇ ਜ਼ਿਲ੍ਹਾ ਜਲੰਧਰ ਦੇ ਵੱਖ-ਵੱਖ ਖੇਤਰਾਂ ਵਿੱਚ ਦੁਕਾਨਾਂ ਦੀ ਛਾਪੇਮਾਰੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਕਿਸੇ ਵੀ ਦੁਕਾਨਦਾਰ ਪਾਸੋਂ ਚਾਈਨਾ ਡੋਰ/ਸਿੰਥੈਟਿਕ ਮਟੀਰੀਅਲ ਤੋਂ ਬਣੀ ਡੋਰ ਪ੍ਰਾਪਤ ਨਹੀਂ ਹੋਈ। ਉਨ੍ਹਾਂ ਦੱਸਿਆ ਕਿ ਟੀਮ ਵਲੋਂ ਚੈਕਿੰਗ ਦੌਰਾਨ ਦੁਕਾਨਦਾਰਾਂ ਨੂੰ ਪਾਬੰਦੀਸ਼ੁਦਾ ਡੋਰ ਨਾ ਵੇਚਣ ਅਤੇ ਸਟਾਕ ਨਾ ਕਰਨ ਸਬੰਧੀ ਜਾਗਰੂਕ ਵੀ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਬੋਰਡ ਦੀ ਟੀਮ ਵੱਲੋਂ ਪਤੰਗ ਤੇ ਡੋਰ ਵੇਚਣ ਦਾ ਕਾਰੋਬਾਰ ਕਰਨ ਵਾਲੇ ਦੁਕਾਨਦਾਰਾਂ ਨੂੰ ਸਰਕਾਰ ਦੇ ਹੁਕਮਾਂ ਦੀ ਸਖਤੀ ਨਾਲ ਪਾਲਣਾ ਕਰਨ ਲਈ ਵੀ ਕਿਹਾ ਗਿਆ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਚਾਈਨਾਂ ਡੋਰ ਦੇ ਉਤਪਾਦਨ, ਵਿਕਰੀ, ਸਟੋਰੇਜ, ਖਰੀਦ ਤੇ ਪੂਰੀ ਤਰ੍ਹਾਂ ਪਾਬੰਦੀ ਲਗਾਈ ਗਈ ਹੈ, ਕਿਉਂਕਿ ਇਸ ਨਾਲ ਕਈ ਤਰ੍ਹਾਂ ਦੇ ਹਾਦਸੇ ਵਾਪਰ ਜਾਂਦੇ ਹਨ।

# ਲਾਇਨਜ਼ ਕਲੱਬ ਡੇਰਾਬੱਸੀ ਨੇ ਮਨਾਈ ਕੁੜੀਆਂ ਦੀ ਲੋਹੜੀ

ਡੇਰਾਬੱਸੀ,(ਲੋਕ ਬਾਣੀ) -- ਲਾਇਨਜ਼ ਕਲੱਬ ਡੇਰਾਬੱਸੀ ਵੱਲੋਂ ਕੁੜੀਆਂ ਨੂੰ ਸਮਰਪਿਤ ਲੋਹੜੀ ਦਾ ਪਵਿੱਤਰ ਤਿਉਹਾਰ ਮਨਾਇਆ ਗਿਆ। ਇਸ ਮੌਕੇ ਮੁਬਾਰਿਕਪੁਰ ਸਥਿਤ ਨਚੀਕੇਤਾ ਪੇਪਰ ਮਿੱਲ ਵਿਖੇ ਕਰਵਾਏ ਗਏ ਇੱਕ ਪ੍ਰੋਗਰਾਮ ਵਿੱਚ ਲਾਇਨਜ਼ ਕਲੱਬ ਦੇ ਸਮੂਹ ਮੈਂਬਰਾਂ ਨੇ ਪਵਿੱਤਰ ਅਗਨੀ ਦੇ ਸਾਹਮਣੇ ਲੜਕੀਆਂ ਦੀ ਸੁਰੱਖਿਆ, ਲੜਕੀਆਂ ਨੂੰ ਸਿੱਖਿਅਤ ਕਰਨ ਅਤੇ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਦੀ ਸਹੁੰ ਚੁੱਕੀ।

ਇਸ ਮੌਕੇ ਲਾਇਨਜ਼ ਕਲੱਬ ਦੇ ਜਨਰਲ ਸਕੱਤਰ ਅਮਰੀਸ਼ ਭੱਲਾ ਨੇ ਕਿਹਾ ਕਿ ਡੇਰਾਬੱਸੀ ਵਿੱਚ ਇਸ ਸਾਲ ਪੈਦਾ ਹੋਣ ਵਾਲੀਆਂ ਲੜਕੀਆਂ ਨੂੰ ਲਾਇਨਜ਼ ਕਲੱਬ ਵੱਲੋਂ ਪਿਆਰਾ ਤੋਹਫ਼ੇ ਦਿੱਤੇ ਜਾਣਗੇ। ਇਸ ਮੌਕੇ ਉਨ੍ਹਾਂ ਦੱਸਿਆ ਕਿ ਲਾਇਨਜ਼ ਕਲੱਬ ਵੱਲੋਂ ਅੱਜ ਲੋਹੜੀ ਮੌਕੇ ਲੋੜਵੰਦ ਲੜਕੀਆਂ ਨੂੰ ਕੰਬਲ ਵੀ ਦਿੱਤੇ ਗਏ। ਸਾਰਿਆਂ ਲਈ ਅੱਗ ਦੇ ਦੁਆਲੇ ਮੱਥਾ ਟੇਕ ਕੇ ਚਾਹ, ਪਕੌੜੇ ਦੇ ਲੱਡੂ ਅਤੇ ਬਰਫ਼ੀ ਦੇ ਪ੍ਰਸ਼ਾਦ ਦਾ ਪ੍ਰਬੰਧ ਕੀਤਾ ਗਿਆ ਇਸ ਮੌਕੇ ਲਾਇਨਜ਼ ਕਲੱਬ ਦੇ ਵਿਜੇ ਮਿੱਤਲ, ਬਲਕਾਰ ਸਿੰਘ ਨਿਤਿਨ ਜਿੰਦਲ, ਉਪੇਸ਼ ਬਾਂਸਲ ਬਰਖਾ ਰਾਮ, ਪ੍ਰੇਮ ਸਿੰਘ, ਅਤੁਲ ਚੌਬੇ, ਡਾ: ਰਾਮ ਕੁਮਾਰ, ਵੇਦ ਗੋਇਲ, ਐਸ.ਜੀ.ਪੀ.ਸੀ. ਮੈਂਬਰ ਨਿਰਮੈਲ ਸਿੰਘ ਜੌਲਾ ਕਲਾਂ, ਮਨਜੀਤ ਸਿੰਘ ਮਲਕਪੁਰ ਯੂਥ ਅਕਾਲੀ ਆਗੂ, ਡਾਕਟਰ ਪਾਰਸ ਸੂਰੀ, ਡਾਕਟਰ ਰਵੀਨਾ ਸੂਰੀ, ਮਹਿੰਦਰ ਪਾਲ, ਰਵਿੰਦਰ ਸੈਣੀ, ਰਾਕੇਸ਼ ਅਗਰਵਾਲ ਆਦਿ ਹਾਜ਼ਰ ਸਨ।

# ਪੁਲਿਸ ਧਮਕੀਆਂ ਦੇਣ ਵਾਲੇ ਨੌਜਵਾਨਾਂ ਵਿਰੁੱਧ ਕਾਰਵਾਈ ਨਹੀਂ ਕਰ ਰਹੀ - ਬਲਜਿੰਦਰ ਕੌਰ

ਅੰਮ੍ਰਿਤਸਰ (ਲੋਕ ਬਾਣੀ) ਛੇਹਰਟਾ ਇਲਾਕੇ ਵਿੱਚ ਗੁੰਡਾਗਰਦੀ ਅਤੇ ਚੋਰੀ ਦੀਆਂ ਘਟਨਾਵਾਂ ਲਗਾਤਾਰ ਵੱਧ ਰਹੀਆਂ ਹਨ। ਗੁਰੂ ਨਾਨਕ ਕਲੋਨੀ ਹਮੀਦਪੁਰਾ ਬਾਈਪਾਸ ਦੇ ਸਾਹਮਣੇ ਇੱਕ ਮਾਮਲਾ ਸਾਹਮਣੇ ਆਇਆ ਹੈ ਜਿੱਥੇ ਕੁਝ ਨੌਜਵਾਨਾਂ ਨੇ ਇੱਕ ਘਰ ਦਾ ਦਰਵਾਜ਼ਾ ਖੜਕਾਇਆ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ।

ਗੁਰੂ ਨਾਨਕ ਕਲੋਨੀ, ਹਮੀਦਪੁਰਾ ਬਾਈਪਾਸ ਦੀ ਵਸਨੀਕ ਬਲਜਿੰਦਰ ਕੌਰ ਨੇ ਦੱਸਿਆ ਕਿ ਕੁਝ ਸਮੇਂ ਤੋਂ ਉਸਦਾ ਇਲਾਕੇ ਦੇ ਵਸਨੀਕ ਅਸ਼ੋਕ ਹਾਂਡਾ ਅਤੇ ਵਿਨੋਦ ਹਾਂਡਾ ਨਾਲ ਜਾਇਦਾਦ ਨੂੰ ਲੈ ਕੇ ਝਗੜਾ ਚੱਲ ਰਿਹਾ ਹੈ। ਉਦੋਂ ਤੋਂ, ਹਾਂਡਾ ਪਰਿਵਾਰ ਉਸਨੂੰ ਡਰਾਉਣ ਦੇ ਇਰਾਦੇ ਨਾਲ ਅਕਸਰ ਧਮਕੀਆਂ ਦੇ ਰਿਹਾ ਹੈ। ਉਸਨੇ ਦੋਸ਼ ਲਗਾਇਆ ਕਿ 9 ਦਸੰਬਰ 2024 ਦੀ ਰਾਤ ਨੂੰ ਕੁਝ ਨੌਜਵਾਨਾਂ ਨੇ ਸਾਡੇ ਇੱਕ ਰਿਸ਼ਤੇਦਾਰ ਦੇ ਘਰ ਗੋਲੀਆਂ ਚਲਾਈਆਂ ਸਨ ਜਿਸਨੇ ਸਾਡਾ ਸਮਰਥਨ ਕੀਤਾ ਸੀ, ਜਿਸਦੀ ਸੀਸੀਟੀਵੀ ਫੁਟੇਜ ਉਸਨੇ ਉਸ ਸਮੇਂ ਘਰਿੰਡਾ ਪੁਲਿਸ ਸਟੇਸ਼ਨ ਵਿੱਚ ਸ਼ਿਕਾਇਤ ਦਰਜ ਕਰਵਾਈ ਸੀ, ਪਰ ਪੁਲਿਸ ਅਜੇ ਤੱਕ ਮਾਮਲੇ ਦੀ ਜਾਂਚ ਨਹੀਂ ਕੀਤੀ ਗਈ। ਕੋਈ ਕਾਰਵਾਈ ਨਹੀਂ ਕੀਤੀ ਗਈ। ਉਸਨੇ ਕਿਹਾ ਕਿ 25 ਦਸੰਬਰ, 2024 ਨੂੰ, ਇੱਕ ਕਾਰ ਵਿੱਚ ਕੁਝ ਨੌਜਵਾਨ ਉਸਦੇ ਘਰ ਦੇ ਬਾਹਰ ਆਏ ਅਤੇ ਤੇਜ਼ਧਾਰ ਹਥਿਆਰਾਂ ਨਾਲ ਗੇਟ ਤੋੜਨਾ ਸ਼ੁਰੂ ਕਰ ਦਿੱਤਾ। ਉਸਨੇ ਦੋਸ਼ ਲਗਾਇਆ ਕਿ ਜਦੋਂ ਉਸਨੇ ਛੱਤ ਤੋਂ ਬਾਹਰ ਦੇਖਿਆ ਤਾਂ ਯੋਗੇਸ਼ ਹਾਂਡਾ ਅਤੇ ਉਸਦੇ ਅਣਪਛਾਤੇ ਸਾਥੀ ਉਸਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦੇ ਰਹੇ ਸਨ। ਜਦੋਂ ਤੱਕ ਲੋਕ ਰੌਲਾ ਸੁਣ ਕੇ ਬਾਹਰ ਆਏ, ਹਮਲਾਵਰ ਭੱਜ ਚੁੱਕੇ ਸਨ। ਉਨ੍ਹਾਂ ਕਿਹਾ ਕਿ ਇਸ ਘਟਨਾ ਨਾਲ ਸਬੰਧਤ ਸਾਰੀ ਘਟਨਾ ਇਲਾਕੇ ਵਿੱਚ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਸ ਸਬੰਧੀ ਘਰਿੰਡਾ ਪੁਲਿਸ ਸਟੇਸ਼ਨ ਵਿੱਚ ਸ਼ਿਕਾਇਤ ਦਰਜ ਕਰਵਾਈ ਹੈ, ਪਰ ਘਰਿੰਡਾ ਪੁਲਿਸ ਵੱਲੋਂ ਹੁਣ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਉਨ੍ਹਾਂ ਨੇ ਪੁਲਿਸ ਕਮਿਸ਼ਨਰ ਨੂੰ ਸ਼ਿਕਾਇਤ ਕਰਕੇ ਇਨਸਾਫ਼ ਦੀ ਮੰਗ ਕੀਤੀ ਹੈ ਅਤੇ ਉਕਤ ਲੋਕਾਂ ਨੂੰ ਗ੍ਰਿਫ਼ਤਾਰ ਕਰਨ ਦੀ ਅਪੀਲ ਕੀਤੀ ਹੈ ਜਦੋਂ ਇਸ ਸਬੰਧ ਵਿੱਚ ਵਿਨੋਦ ਹਾਂਡਾ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਬਲਜਿੰਦਰ ਕੌਰ ਅਤੇ ਉਨ੍ਹਾਂ ਦਾ ਪਰਿਵਾਰ ਉਨ੍ਹਾਂ ਤੇ ਬਿਨਾਂ ਕਿਸੇ ਕਾਰਨ ਦੋਸ਼ ਲਗਾ ਰਹੇ ਹਨ, ਜਦੋਂ ਕਿ ਉਹ ਪਿਛਲੇ ਕਈ ਦਿਨਾਂ ਤੋਂ ਅੰਮ੍ਰਿਤਸਰ ਤੋਂ ਬਾਹਰ



ਹਨ, ਅਤੇ ਜਿਸ ਦਿਨ ਬਲਜਿੰਦਰ ਕੌਰ ਬਾਰੇ ਗੱਲ ਹੋ ਰਹੀ ਹੈ, ਉਸ ਦਿਨ ਵੀ ਉਹ ਉੱਥੇ। ਅਤੇ ਉਸਦਾ ਪਰਿਵਾਰ ਅੰਮ੍ਰਿਤਸਰ ਵਿੱਚ ਨਹੀਂ ਸੀ। ਉਨ੍ਹਾਂ ਕਿਹਾ ਕਿ ਬਲਜਿੰਦਰ ਕੌਰ ਉਨ੍ਹਾਂ ਦੀ ਜਗ੍ਹਾ ਲੈਣਾ ਚਾਹੁੰਦੀ ਹੈ, ਜਿਸ ਕਾਰਨ ਉਨ੍ਹਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫ਼ਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
82880 21797
82880 21798
WWW.JSDCGROUP.COM
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS SINCE 1958
EDUCATIONAL 64 YEARS EXCELLENCE
MORE THAN •56 Colleges & Schools •200 Merit Positions •125 Companies For Placements •75 Academic Courses •2000 Placements In 2022 - 2023 •42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.*• Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed.• D.El.Ed.• B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565